**ਨਵੀਂ ਦਿੱਲੀ, 5 ਜੂਨ (ਮਨਪ੍ਰੀਤ ਸਿੰਘ ਖਾਲਸਾ)**-ਪ੍ਰਮੁੱਖ ਸਿੱਖ ਆਗੂਆਂ ਅਤੇ ਵਿਦਵਾਨਾਂ ਨੇ ਭਾਰਤ ਦੇ ਗ੍ਰਿਹ ਮੰਤਰੀ ਨੂੰ ਪੱਤਰ ਲਿਖ ਕੇ ਸਿੱਖ ਪੰਥ ਨਾਲ ਜੁੜੇ ਲੰਬੇ ਸਮੇਂ ਤੋਂ ਲਟਕਦੇ ਧਾਰਮਿਕ, ਕਾਨੂੰਨੀ ਅਤੇ ਸਮਾਜਿਕ ਮਸਲਿਆਂ ਦੇ ਹੱਲ ਲਈ ਕੇਂਦਰ ਸਰਕਾਰ ਨਾਲ ਸੰਵਾਦ ਸ਼ੁਰੂ ਕਰਨ ਦੀ ਮੰਗ ਕੀਤੀ ਹੈ। ਇਸ ਸਬੰਧੀ ਐਡਵੋਕੇਟ ਨਵਕਿਰਨ ਸਿੰਘ, ਗਿਆਨੀ ਕੇਵਲ ਸਿੰਘ (ਸਾਬਕਾ ਜੱਥੇਦਾਰ ਤਖ਼ਤ ਦਮਦਮਾ ਸਾਹਿਬ), ਖੁਸ਼ਹਾਲ ਸਿੰਘ, ਡਾ. ਬਰਿੰਦਰ

ਆਵਾਜ਼ਿ ਕੌਮ AWAZE QAUM International Newspaper & WEB TV

**ਕਕਾਰ, ਬੰਦੀ ਸਿੰਘਾਂ ਦੀ ਰਿਹਾਈ, ਕਰਤਾਰਪੁਰ ਕਾਰੀਡੋਰ, ਨਵੰਬਰ 84 ਸਿੱਖ ਕਤਲੇਆਮ ਤੇ ਐਸਜੀਪੀਸੀ ਚੋਣਾਂ ਸਮੇਤ ਹੋਰ ਅਨੇਕਾਂ ਮੁੱਦਿਆਂ ਬਾਰੇ**

ਕੌਰ, ਗੁਰਪ੍ਰੀਤ ਸਿੰਘ, ਜਸਪਾਲ ਸਿੰਘ ਅਤੇ ਭਾਈ ਆਰ.ਪੀ. ਸਿੰਘ (ਬੁਲਾਰਾ ਅਖੰਡ ਕੀਰਤਨੀ ਜਥਾ) ਦੇ ਵਫ਼ਦ ਨੇ ਪੰਜਾਬ ਅਤੇ ਹਰਿਆਣਾ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕਰਕੇ ਗ੍ਰਿਹ ਮੰਤਰੀ ਦੇ ਨਾਮ ਇੱਕ ਮੰਗ ਪੱਤਰ ਸੌਂਪਿਆ ਅਤੇ ਇਨ੍ਹਾਂ ਮਸਲਿਆਂ ਦੇ ਹੱਲ ਲਈ ਕੇਂਦਰ ਸਰਕਾਰ ਦੇ ਪੱਧਰ 'ਤੇ ਗੰਭੀਰ ਵਿਚਾਰ-ਵਟਾਂਦਰੇ ਦੀ ਮੰਗ ਕੀਤੀ। ਪੱਤਰ ਵਿੱਚ ਕਿਹਾ ਗਿਆ ਹੈ ਕਿ ਸਿੱਖ ਕੌਮ ਨੇ ਦੇਸ਼ ਦੀ ਆਜ਼ਾਦੀ, ਸੁਰੱਖਿਆ ਅਤੇ ਨਿਰਮਾਣ ਵਿੱਚ ਵੱਡਾ ਯੋਗਦਾਨ ਪਾਇਆ ਹੈ, ਪਰ ਇਸ ਦੇ ਬਾਵਜੂਦ ਕਈ ਅਹਿਮ ਮਸਲੇ ਅਜੇ ਵੀ ਅਣਸੁਲਝੇ ਪਏ ਹਨ, ਜਿਨ੍ਹਾਂ ਦਾ ਹੱਲ ਸੰਵਿਧਾਨਕ ਅਤੇ ਕਾਨੂੰਨੀ ਢਾਂਚੇ ਅੰਦਰ ਸੰਭਵ ਹੈ। ਪੱਤਰ ਵਿੱਚ ਕਿਰਪਾਨ ਧਾਰਨ ਦੇ ਸੰਵਿਧਾਨਕ ਅਧਿਕਾਰ ਦੀ ਰੱਖਿਆ ਲਈ ਸਪੱਸ਼ਟ ਦਿਸ਼ਾ-ਨਿਰਦੇਸ਼ ਜਾਰੀ ਕਰਨ, ਆਨੰਦ ਮੈਰਿਜ ਐਕਟ ਦਾ ਦਾਇਰਾ ਵਧਾ ਕੇ ਤਲਾਕ, ਵਿਰਾਸਤ ਅਤੇ ਹੋਰ ਪਰਿਵਾਰਕ ਮਾਮਲਿਆਂ ਨੂੰ ਸ਼ਾਮਲ ਕਰਨ, ਅਤੇ ਸਿੱਖ ਸਿਆਸੀ ਕੈਦੀਆਂ ਦੇ ਕੇਸਾਂ ਦੀ ਸਮੀਖਿਆ ਕਰਕੇ ਰਾਹਤ ਦੇਣ ਦੀ ਮੰਗ ਕੀਤੀ ਗਈ ਹੈ। ਇਸ ਦੇ ਨਾਲ ਹੀ ਦਵਿੰਦਰ ਪਾਲ ਸਿੰਘ ਭੁੱਲਰ ਦੇ ਮਾਮਲੇ ਵਿੱਚ ਮਨੁੱਖੀ ਅਧਾਰਾਂ 'ਤੇ ਵਿਚਾਰ ਕਰਨ ਦੀ ਅਪੀਲ ਵੀ ਕੀਤੀ ਗਈ ਹੈ। ਆਗੂਆਂ ਨੇ ਪੁਰੀ, ਹਰਿਦੁਆਰ ਅਤੇ ਹੋਰ ਸਥਾਨਾਂ ਦੇ ਇਤਿਹਾਸਕ ਗੁਰਦੁਆਰਿਆਂ ਅਤੇ ਸਿੱਖ ਧਾਰਮਿਕ ਅਸਥਾਨਾਂ ਨੂੰ ਕਬਜ਼ਿਆਂ ਤੋਂ ਮੁਕਤ ਕਰਵਾ ਕੇ ਸਿੱਖ ਸੰਸਥਾਵਾਂ ਦੇ ਹਵਾਲੇ ਕਰਨ, ਪੰਜਾਬ ਨਾਲ ਲੱਗਦੇ ਰਾਜਾਂ ਵਿੱਚ ਪੰਜਾਬੀ ਭਾਸ਼ਾ ਨੂੰ ਦੂਜੀ ਭਾਸ਼ਾ ਵਜੋਂ ਮਾਨਤਾ ਦੇਣ ਅਤੇ ਕਰਤਾਰਪੁਰ ਸਾਹਿਬ ਲਾਂਘਾ ਹਰ ਹਾਲਤ ਵਿੱਚ ਚਾਲੂ ਰੱਖਣ ਦੀ ਮੰਗ ਕੀਤੀ ਹੈ। ਪਰਵਾਸੀ ਸਿੱਖਾਂ ਲਈ ਵੀਜ਼ਾ ਪ੍ਰਕਿਰਿਆ ਆਸਾਨ ਬਣਾਉਣ ਅਤੇ ਕਥਿਤ ਕਾਲੀ ਸੂਚੀ ਖਤਮ ਕਰਨ ਦੀ ਅਪੀਲ ਵੀ ਕੀਤੀ ਗਈ ਹੈ। ਇਸ ਤੋਂ ਇਲਾਵਾ, ਐਸਜੀਪੀਸੀ ਦੀਆਂ ਕਰੀਬ 15 ਸਾਲਾਂ ਤੋਂ ਬਕਾਇਆ ਚੋਣਾਂ ਜਲਦ ਕਰਵਾਉਣ ਅਤੇ 1925 ਦੇ ਸਿੱਖ ਗੁਰਦੁਆਰਾ ਐਕਟ ਨੂੰ ਮੌਜੂਦਾ ਲੋੜਾਂ ਅਨੁਸਾਰ ਸੋਧਣ ਦੀ ਮੰਗ ਕੀਤੀ ਗਈ ਹੈ। ਆਗੂਆਂ ਨੇ ਕਿਹਾ ਕਿ ਗੁਰਦੁਆਰਾ ਪ੍ਰਬੰਧ ਅਤੇ ਪੰਥਕ ਨੁਮਾਇੰਦਗੀ ਨੂੰ ਮਜ਼ਬੂਤ ਕਰਨ ਲਈ ਇਹ ਕਦਮ ਜ਼ਰੂਰੀ ਹਨ। ਪੱਤਰ ਵਿੱਚ 1984 ਨਾਲ ਸਬੰਧਿਤ ਮਸਲਿਆਂ ਦੇ ਨਿਬੇੜੇ ਦੀ ਵੀ ਅਪੀਲ ਕੀਤੀ ਗਈ ਹੈ। ਇਸ ਵਿੱਚ ਜੂਨ 1984 ਦੌਰਾਨ ਦਰਬਾਰ ਸਾਹਿਬ ਤੋਂ ਲਿਆਂਦੀਆਂ ਗਈਆਂ ਕਲਾਕ੍ਰਿਤੀਆਂ, ਪੁਸਤਕਾਂ ਅਤੇ ਹੱਥ-ਲਿਖਤ ਗ੍ਰੰਥ ਵਾਪਸ ਕਰਨ ਅਤੇ ਓਪਰੇਸ਼ਨ ਬਲੂ ਸਟਾਰ ਤੇ 1984 ਸਿੱਖ ਕਤਲੇਆਮ ਲਈ ਸੰਸਦ ਵਿੱਚ ਬਿਨਾਂ ਸ਼ਰਤ ਮੁਆਫ਼ੀ ਮੰਗਣ ਦੀ ਮੰਗ ਕੀਤੀ ਗਈ ਹੈ। ਪੱਤਰ ਲੇਖਕਾਂ ਦਾ ਕਹਿਣਾ ਹੈ ਕਿ ਇਨ੍ਹਾਂ ਸਾਰੇ ਮਸਲਿਆਂ 'ਤੇ ਸੰਵਾਦ ਅਤੇ ਸੰਵਿਧਾਨਕ ਹੱਲ ਨਾਲ ਸਿੱਖ ਕੌਮ ਦੀਆਂ ਲੰਬੇ ਸਮੇਂ ਦੀਆਂ ਚਿੰਤਾਵਾਂ ਦੂਰ ਹੋਣਗੀਆਂ ਅਤੇ ਕੇਂਦਰ ਸਰਕਾਰ ਪ੍ਰਤੀ ਭਰੋਸਾ ਹੋਰ ਮਜ਼ਬੂਤ ਹੋਵੇਗਾ।

### ਬੱਸ ਐਂਡ ਕਾਰ ਓਪਰੇਟਰਜ਼ ਕਨਫੈਡਰੇਸ਼ਨ ਆਫ ਇੰਡੀਆ ਵੱਲੋਂ ਪੰਜਾਬ ਰਾਜ ਕਾਰਜਕਾਰੀ ਕਮੇਟੀ ਦਾ ਗਠਨ ਕੀਤਾ ਗਿਆ

# ਜਵਾਹਰ ਸਿੰਘ ਮੱਲ੍ਹੀ ਬਣੇ ਪੰਜਾਬ ਰਾਜ ਦੇ ਚੇਅਰਮੈਨ






**ਜੰਡਿਆਲਾ ਗੁਰੂ, 5 ਜੂਨ ( ਕੁਲਵੰਤ ਸਿੰਘ ਵਿਰਦੀ )**-ਬੱਸ ਐਂਡ ਕਾਰ ਓਪਰੇਟਰਜ਼ ਕਨਫੈਡਰੇਸ਼ਨ ਆਫ ਇੰਡੀਆ (BOCI) ਦੇ ਨੈਸ਼ਨਲ ਵਾਈਸ ਪ੍ਰੈਜ਼ੀਡੈਂਟ (ਸਟੇਜ ਕੈਰਿਜ) ਰਾਜੇਸ਼ ਪਰਾਸ਼ਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਨਫੈਡਰੇਸ਼ਨ ਦੀ ਰਾਸ਼ਟਰੀ ਕਾਰਜਕਾਰੀ ਦੀ ਮਨਜ਼ੂਰੀ ਨਾਲ ਪੰਜਾਬ ਰਾਜ ਦੀ ਨਵੀਂ ਕਾਰਜਕਾਰੀ ਕਮੇਟੀ ਦਾ ਗਠਨ ਕੀਤਾ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਕਨਫੈਡਰੇਸ਼ਨ ਦੇ ਰਾਸ਼ਟਰੀ ਪ੍ਰਧਾਨ ਪ੍ਰਸੰਨਾ ਪਟਵਰਧਨ ਦੀ ਸਿਫ਼ਾਰਸ਼ ਅਤੇ ਮਨਜ਼ੂਰੀ ਅਨੁਸਾਰ ਜਵਾਹਰ ਸਿੰਘ ਮੱਲ੍ਹੀ ਨੂੰ ਪੰਜਾਬ ਰਾਜ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਰਾਜਿੰਦਰ ਸਿੰਘ ਕੈਂਥ, ਰਾਜਿੰਦਰ ਸਿੰਘ ਹੁਡਲ, ਸਤਵਿੰਦਰ ਸਿੰਘ ਬਰਾੜ, ਕਰਨੈਲ ਸਿੰਘ ਅਤੇ ਗੁਰਪ੍ਰੀਤ ਸਿੰਘ ਨੂੰ ਪੰਜਾਬ ਰਾਜ ਦੇ ਉਪ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।

ਰਾਜੇਸ਼ ਪਰਾਸ਼ਰ ਨੇ ਕਿਹਾ ਕਿ ਤਜਰਬੇਕਾਰ ਅਤੇ ਸਮਰਪਿਤ ਆਗੂਆਂ ਦੀ ਨਿਯੁਕਤੀ ਨਾਲ ਪੰਜਾਬ ਵਿੱਚ ਕਨਫੈਡਰੇਸ਼ਨ ਨੂੰ ਹੋਰ ਮਜ਼ਬੂਤੀ ਮਿਲੇਗੀ। ਨਵੀਂ ਟੀਮ ਪੂਰੇ ਸੂਬੇ ਦੇ ਬੱਸ ਅਤੇ ਕਾਰ ਓਪਰੇਟਰਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ, ਚੁਣੌਤੀਆਂ ਅਤੇ ਹੱਕਾਂ ਦੀ ਮਜ਼ਬੂਤੀ ਨਾਲ ਨੁਮਾਇੰਦਗੀ ਕਰੇਗੀ ਉਨ੍ਹਾਂ ਨੇ ਵਿਸ਼ਵਾਸ ਜਤਾਇਆ ਕਿ ਰਾਸ਼ਟਰੀ ਨੇਤ੍ਰਿਤਵ ਦੀ ਰਹਿਨੁਮਾਈ ਹੇਠ ਪੰਜਾਬ ਰਾਜ ਕਾਰਜਕਾਰੀ ਸੂਬੇ ਦੇ ਹਰ ਜ਼ਿਲ੍ਹੇ ਵਿੱਚ ਸੰਗਠਨ ਨੂੰ ਮਜ਼ਬੂਤ ਕਰੇਗੀ ਅਤੇ ਯਾਤਰੀ ਆਵਾਜਾਈ ਉਦਯੋਗ ਦੇ ਵਿਕਾਸ, ਭਲਾਈ ਅਤੇ ਹਿੱਤਾਂ ਦੀ ਰੱਖਿਆ ਲਈ ਅਹਿਮ ਭੂਮਿਕਾ ਨਿਭਾਏਗੀ।

ਰਾਜੇਸ਼ ਪਰਾਸ਼ਰ ਨੇ ਸਾਰੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦਾ ਤਜਰਬਾ, ਵਚਨਬੱਧਤਾ ਅਤੇ ਨੇਤ੍ਰਿਤਵ ਪੰਜਾਬ ਵਿੱਚ ਸੰਗਠਨ ਨੂੰ ਨਵੀਆਂ ਉੱਚਾਈਆਂ ਤੱਕ ਲੈ ਕੇ ਜਾਣ ਵਿੱਚ ਮਹੱਤਵਪੂਰਨ ਯੋਗਦਾਨ ਪਾਏਗਾ। ਰਾਜੇਸ਼ ਪਰਾਸ਼ਰ ਨੈਸ਼ਨਲ ਵਾਈਸ ਪ੍ਰੈਜ਼ੀਡੈਂਟ (ਸਟੇਜ ਕੈਰਿਜ)

ਬੱਸ ਐਂਡ ਕਾਰ ਓਪਰੇਟਰਜ਼ ਕਨਫੈਡਰੇਸ਼ਨ ਆਫ ਇੰਡੀਆ (2®39) ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੱਤੀ ਗਈ !

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸੇਵਾ ਮੁਕਤ ਕਰਮਚਾਰੀ ਤੇ ਸਮਾਜ ਸੇਵਕ ਵੱਲੋਂ ਮਾਨ ਸਨਮਾਨ ਦੇ ਮਿਆਰਾਂ ਉਪਰ ਚਿੰਤਾ ਪ੍ਰਗਟਾਈ—ਪੀ.ਸੀ ਕੁਮਾਰ



**ਫ਼ਿਰੋਜ਼ਪੁਰ, 05 ਜੂਨ (ਮਨੋਹਰ ਲਾਲ)** :— ਇਕ ਸੇਵਾ ਮੁਕਤ ਕਰਮਚਾਰੀ ਅਤੇ ਸਮਾਜ ਸੇਵਕ ਨੇ ਦੇਸ਼ ਦੇ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਇੱਕ ਅਹਿਮ ਬਿਆਨ ਜਾਰੀ ਕਰਦਿਆਂ ਸ੍ਰੀ ਪੀ.ਸੀ ਕੁਮਾਰ ਨੇ ਕਿਹਾ ਕਿ ਸਾਡੇ ਬਜ਼ੁਰਗਾਂ ਨੇ ਦੇਸ਼ ਦੀ ਆਜ਼ਾਦੀ, ਏਕਤਾ ਅਤੇ ਮਨੁੱਖਤਾ ਦੀ ਰਾਖੀ ਲਈ ਵੱਡੀਆਂ ਕੁਰਬਾਨੀਆਂ ਦਿੱਤੀਆਂ ਹਨ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਇੱਕ ਸਨਮਾਨਜਨਕ ਅਤੇ ਸੁਖੀ ਜੀਵਨ ਜੀ ਸਕਣ। ਆਪਣੇ ਨਿੱਜੀ ਮਿਸ਼ਨ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਇੱਕ ਸੇਵਾ ਮੁਕਤ ਕਰਮਚਾਰੀ ਵਜੋਂ

ਆਵਾਜ਼ਿ ਕੌਮ AWAZE QAUM International Newspaper & WEB TV

ਉਹ ਹਮੇਸ਼ਾ ਮਨੁੱਖਤਾ ਦੀ ਸੇਵਾ ਨੂੰ ਆਪਣਾ ਧਰਮ ਮੰਨਦੇ ਹਨ। ਉਨ੍ਹਾਂ ਜ਼ੋਰ ਦਿੱਤਾ ਕਿ ਇਸ ਸ੍ਰਿਸ਼ਟੀ ਵਿੱਚ ਹਰ ਜੀਵ—ਭਾਵੇਂ ਉਹ ਮਨੁੱਖ ਹੋਵੇ, ਪਸ਼ੂ ?ਪੰਛੀ, ਜੰਗਲੀ ਜੀਵ ਜਾਂ ਦਰਖਤ ਦਾ ਬਰਾਬਰ ਦਾ ਹੱਕ ਹੈ। ਉਨ੍ਹਾਂ ਮੰਗ ਕੀਤੀ ਕਿ ਥਾਂ—ਥਾਂ ਤੇ ਜੀਵਾਂ ਲਈ ਸ਼ੈਲਟਰ ਹੋਮ ਅਤੇ ਸਹੂਲਤ ਕੇਂਦਰ ਬਣਾਏ ਜਾਣ ਤਾਂ ਜੋ ਉਨ੍ਹਾਂ ਨੂੰ ਪਾਣੀ, ਹਵਾ ਅਤੇ ਸੁਰੱਖਿਆ ਮਿਲ ਸਕੇ।ਸੰਵਿਧਾਨ ਅਤੇ ਰਾਸ਼ਟਰਪਤੀ ਦੇ ਅਹੁਦੇ ਦੀ ਮਰਿਆਦਾ ਤੇ ਚਾਨਣਾ ਪਾਉਂਦਿਆਂ ਉਨ੍ਹਾਂ ਕਿਹਾ ਕਿ ਇਹ ਅਹੁਦਾ ਸੰਵਿਧਾਨਕ ਮਰਿਆਦਾ ਦੀ ਸਭ ਤੋਂ ਉੱਚੀ ਨਿਸ਼ਾਨੀ ਹੈ। ਇਸ ਨਾਲ ਜੁੜੇ ਸਨਮਾਨਾਂ ਦਾ ਮੁੱਖ ਉਦੇਸ਼ ਉਨ੍ਹਾਂ ਲੋਕਾਂ ਨੂੰ ਪ੍ਰੇਰਿਤ ਕਰਨਾ ਹੋਣਾ ਚਾਹੀਦਾ ਹੈ ਜੋ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਸੱਚੇ ਮਨ ਨਾਲ ਕੰਮ ਕਰ ਰਹੇ ਹਨ। ਅਫ਼ਸੋਸ ਪ੍ਰਗਟ ਕਰਦਿਆਂ ਉਨ੍ਹਾਂ ਕਿਹਾ ਕਿ ਕਈ ਵਾਰ ਇਹ ਮਾਨ ਸਨਮਾਨ ਉਨ੍ਹਾਂ ਲੋਕਾਂ ਤੱਕ ਵੀ ਪਹੁੰਚ ਜਾਂਦੇ ਹਨ ਜੋ ਦੇਸ਼ ਦੀ ਏਕਤਾ ਅਤੇ ਭਾਈਚਾਰੇ ਦੇ ਵਿਰੋਧੀ ਹਨ। ਉਨ੍ਹਾਂ ਆਪ ਜੀ ਦੀ ਸੇਵਾ ਵਿੱਚ ਨਿਮਰ ਬੇਨਤੀ ਕੀਤੀ ਹੈ ਕਿ ਕਿਸੇ ਵੀ ਵਿਅਕਤੀ ਨੂੰ ਅਜਿਹਾ ਕੋਈ ਵੀ ਸਨਮਾਨ ਨਾ ਦਿੱਤਾ ਜਾਵੇ ਜੋ ਦੇਸ਼ ਦੀ ਮਰਿਆਦਾ ਦੇ ਅਨੁਕੂਲ ਨਾ ਹੋਵੇ। ਉਨ੍ਹਾਂ ਦਾ ਸਪੱਸ਼ਟ ਮੰਨਣਾ ਹੈ ਕਿ ਇਹ ਮਾਨ ਸਨਮਾਨ ਸਿਰਫ ਦੇਸ਼ ਭਗਤਾਂ ਅਤੇ ਸ਼ਹੀਦਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਵਾਲਿਆਂ ਲਈ ਹੀ ਹੋਣੇ ਚਾਹੀਦੇ ਹਨ।

## ਦੀ ਪਟਵਾਰ ਯੂਨੀਅਨ ਦੇ ਆਗੂ ਸੁਖਜਿੰਦਰ ਸਿੰਘ ਰਿੰਪੀ ਨੂੰ ਸੇਵਾਮੁਕਤ ਹੋਣ ਤੇ ਵਿਦਾਇਗੀ ਸਮਾਰੋਹ ਦੌਰਾਨ ਸ੍ਰ: ਸਮਰਾ ਮੀਤ ਪ੍ਰਧਾਨ ਦੀ ਅਗਵਾਈ ਚ ਫੁੱਲਾਂ ਦਾ ਗੁਲਦਸਤਾ ਦੇ ਕਿ ਸਨਮਾਨਿਤ ਕੀਤਾ



**ਜੰਡਿਆਲਾ ਗੁਰੂ, 5 ਜੂਨ ( ਕੁਲਵੰਤ ਸਿੰਘ ਵਿਰਦੀ )**-ਦੀ ਪਟਵਾਰ ਯੂਨੀਅਨ ਜ਼ਿਲ੍ਹੇ ਅੰਮ੍ਰਿਤਸਰ ਦੇ ਜਨਰਲ ਸਕੱਤਰ ਹਰਪ੍ਰੀਤ ਸਿੰਘ ਬਾਬਾ ਜੀ ਦੀ ਅਗਵਾਈ ਵਿੱਚ ਅੱਜ ਪਟਵਾਰੀ ਸੁਖਜਿੰਦਰ ਸਿੰਘ ਰਿੰਪੀ ਦੇ ਸੇਵਾਮੁਕਤ ਹੋਣ ਤੇ ਵਿਦਾਇਗੀ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸਦੀ ਅਗਵਾਈ ਹਰਪਾਲ ਸਿੰਘ ਸਮਰਾ ਮੀਤ ਪ੍ਰਧਾਨ ਰੈਵੇਨਿਊ ਪਟਵਾਰ ਯੂਨੀਅਨ ਪੰਜਾਬ ਨੇ ਕੀਤੀ। ਇਸ ਮੌਕੇ ਉਨ੍ਹਾਂ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਅਤੇ ਯੂਨੀਅਨ ਦੇ ਅਹੁਦੇਦਾਰਾਂ ਨੇ ਉਨ੍ਹਾਂ ਦੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਜਨਰਲ ਸਕੱਤਰ ਹਰਪ੍ਰੀਤ ਸਿੰਘ ਬਾਬਾ ਜੀ ਨੇ ਕਿਹਾ ਕਿ ਸੁਖਜਿੰਦਰ ਸਿੰਘ ਰਿੰਪੀ ਦੇ ਸੇਵਾਮੁਕਤ ਹੋਣ ਨਾਲ ਦਫ਼ਤਰ ਵਿੱਚ ਉਨ੍ਹਾਂ ਦੀ ਕਮੀ ਮਹਿਸੂਸ ਕੀਤੀ ਜਾਵੇਗੀ ਅਤੇ ਉਨ੍ਹਾਂ ਦੀ ਇਮਾਨਦਾਰੀ ਤੇ ਕਾਬਲੀਅਤ ਨਾਲ ਕਾਰਗੁਜਾਰੀ ਦੀ ਪ੍ਰਸ਼ੰਸਾ ਕੀਤੀ ਗਈ। ਇਸ ਸਮਾਰੋਹ ਵਿੱਚ ਰੈਵੇਨਿਊ ਪਟਵਾਰ ਯੂਨੀਅਨ ਦੇ ਪੰਜਾਬ ਸਾਬਕਾ ਪ੍ਰਧਾਨ ਨਿਰਮਲਜੀਤ ਸਿੰਘ ਬਾਜਵਾ ਅਤੇ ਰਿਟਾਇਰਡ ਜ਼ਿਲ੍ਹਾ ਪ੍ਰਧਾਨ ਸਰਦਾਰ ਕੁਲਵੰਤ ਸਿੰਘ ਡੇਹਰੀਵਾਲ ਨੇ ਵੀ ਸੰਬੋਧਨ ਕੀਤਾ ਅਤੇ ਪਟਵਾਰੀ ਸੁਖਜਿੰਦਰ ਸਿੰਘ ਰਿੰਪੀ ਦੀ ਸ਼ੋਭਾ ਕੀਤੀ। ਇਸ ਮੌਕੇ ਉਨ੍ਹਾਂ ਨੂੰ ਇੱਕ ਵਿਸ਼ੇਸ਼ ਸਨਮਾਨਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਇਸ ਸਮਾਰੋਹ ਵਿੱਚ ਜੋਬਨਜੀਤ ਸਿੰਘ ਪ੍ਰਧਾਨ, ਸੌਰਵ ਸ਼ਰਮਾ ਪ੍ਰਧਾਨ, ਰਜੀਵ ਕੁਮਾਰ, ਵਿਵੇਕ ਭਾਟੀਆ, ਹਰਨੂਰ ਸਿੰਘ, ਦੀਪਕ ਮਸੀਹ, ਜਸਪਾਲ ਸਿੰਘ, ਸੁਪਰੀਤ ਕੌਰ, ਜਗਰਾਜ ਸਿੰਘ, ਮਨਜਿੰਦਰ ਸਿੰਘ, ਚਰਨਜੀਤ ਸਿੰਘ, ਪ੍ਰਭਜੀਤ ਸਿੰਘ, ਜਸਮੀਤ ਕੌਰ ਅਤੇ ਅੰਗਰੇਜ਼ ਸਿੰਘ ਪ੍ਰਧਾਨ, ਸੰਜੀਵ ਕੁਮਾਰ, ਮਹੇਸ਼ ਕੁਮਾਰ ਅਤੇ ਕਈ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ। ਅੰਤ ਵਿੱਚ ਸੇਵਾਮੁਕਤ ਪਟਵਾਰੀ ਸੁਖਜਿੰਦਰ ਸਿੰਘ ਰਿੰਪੀ ਨੇ ਸਾਰੇ ਪਹੁੰਚੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਅਤੇ ਵਧਾਈ ਸਮਾਰੋਹ ਵਿੱਚ ਪਹੁੰਚਣ ਤੇ ਆਭਾਰ ਪ੍ਰਗਟ ਕੀਤਾ, ਇਹ ਜਾਣਕਾਰੀ ਪ੍ਰੈਸ ਨੂੰ ਜਨਰਲ ਸਕੱਤਰ ਹਰਪ੍ਰੀਤ ਸਿੰਘ ਬਾਬਾ ਨੇ ਦਿਤੀ।

ਆਵਾਜ਼ਿ ਕੌਮ AWAZE QAUM International Newspaper & WEB TV

## ਵਿਸ਼ਵ ਵਾਤਾਵਰਣ ਦਿਵਸ ਮੌਕੇ ਰੁੱਖ ਲਗਾਉਣ ਤੇ ਵਾਤਾਵਰਣ ਸੰਭਾਲ ਦਾ ਸੱਦਾ: ਕਾਲਕਾ, ਕਾਹਲੋਂ

ਨਵੀਂ ਦਿੱਲੀ, 5 ਜੂਨ (ਮਨਪ੍ਰੀਤ ਸਿੰਘ ਖਾਲਸਾ):- ਵਿਸ਼ਵ ਵਾਤਾਵਰਣ ਦਿਵਸ ਦੇ ਮੌਕੇ 'ਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਦੇਸ਼ ਵਾਸੀਆਂ ਨੂੰ ਵਾਤਾਵਰਣ ਦੀ ਸੁਰੱਖਿਆ ਲਈ ਸਾਂਝੇ ਯਤਨ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ "ਪਵਣੁ ਗੁਰੂ, ਪਾਣੀ ਪਿਤਾ, ਮਾਤਾ ਧਰਤਿ ਮਹਤੁ" ਵਿੱਚ ਕੁਦਰਤ ਦੀ ਮਹੱਤਤਾ ਦਾ ਡੂੰਘਾ ਸੰਦੇਸ਼ ਸਮਾਇਆ ਹੋਇਆ ਹੈ, ਜਿਸ ਨੂੰ ਅਪਣਾ ਕੇ ਹੀ ਅਸੀਂ ਵਾਤਾਵਰਣ ਦੀ ਰੱਖਿਆ ਕਰ ਸਕਦੇ ਹਾਂ। ਉਨ੍ਹਾਂ ਕਿਹਾ ਕਿ ਵੱਧ ਰਿਹਾ ਪ੍ਰਦੂਸ਼ਣ, ਜੰਗਲਾਂ



ਦੀ ਕਟਾਈ, ਪਾਣੀ ਦੇ ਘਟਦੇ ਸਰੋਤ ਅਤੇ ਮੌਸਮੀ ਤਬਦੀਲੀਆਂ ਮਨੁੱਖਤਾ ਲਈ ਗੰਭੀਰ ਚੁਣੌਤੀਆਂ ਹਨ। ਇਸ ਲਈ ਹਰ ਨਾਗਰਿਕ ਦਾ ਫ਼ਰਜ਼ ਬਣਦਾ ਹੈ ਕਿ ਉਹ ਰੁੱਖ ਲਗਾਉਣ, ਪਾਣੀ ਦੀ ਬੱਚਤ ਕਰਨ, ਪਲਾਸਟਿਕ ਦੀ ਘੱਟ ਵਰਤੋਂ ਕਰਨ ਅਤੇ ਸਫ਼ਾਈ ਤੇ ਹਰਿਆਵਲੀ ਵਧਾਉਣ ਲਈ ਯੋਗਦਾਨ ਪਾਏ। ਕਾਲਕਾ ਅਤੇ ਕਾਹਲੋਂ ਨੇ ਕਿਹਾ ਕਿ ਰੁੱਖ ਲਗਾਉਣਾ ਕੇਵਲ ਇੱਕ ਦਿਨ ਦੀ ਰਸਮ ਨਹੀਂ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼, ਸੁੰਦਰ ਅਤੇ ਸੁਰੱਖਿਅਤ ਧਰਤੀ ਯਕੀਨੀ ਬਣਾਉਣ ਦਾ ਮਹੱਤਵਪੂਰਨ ਉਪਰਾਲਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਖੁਦ ਵੀ ਵਾਤਾਵਰਣ ਪ੍ਰਤੀ ਜਾਗਰੂਕ ਬਣਨ ਅਤੇ ਆਪਣੇ ਪਰਿਵਾਰਾਂ ਤੇ ਸਮਾਜ ਨੂੰ ਵੀ ਇਸ ਲਈ ਪ੍ਰੇਰਿਤ ਕਰਨ।

# ਵਾਤਾਵਰਣ ਨੂੰ ਬਚਾਉਣਾ ਸਮੇਂ ਦੀ ਮੁੱਖ ਲੋੜ



ਪੁਰਾਤਨ ਪੀੜ੍ਹੀ ਦੇ ਲੋਕ ਕੁਦਰਤ ਦੀ ਗੋਦ ਵਿਚ ਰਹਿੰਦਿਆਂ ਹਾੜ ਦੀਆਂ ਗਰਮੀਆਂ ਤੂਤਾਂ ਤੇ ਪਿੱਪਲਾਂ ਦੀ ਛਾਂ ਹੇਠ ਹੀ ਕੱਟਦੇ ਸਨ। ਉਸ ਜੀਵਨ ਸ਼ੈਲੀ ਨਾਲ ਨਾ ਤਾਂ ਸਾਡੀ ਜੀਵਨ ਰੱਖਿਅਕ ਪਰਤ ਓਜ਼ੋਨ ਨੂੰ ਕੋਈ ਖ਼ਤਰਾ ਸੀ ਜਿਹੜਾ ਕਿ ਵਰਤਮਾਨ ਸਮਿਆਂ ਵਿਚ ਏਅਰ ਕੰਡੀਸ਼ਨਰਾਂ ਤੇ ਫਰਿੱਜਾਂ ਵਿਚ ਵਰਤੀ ਜਾਂਦੀ ਕਲੋਰੋਫਲੋਰੋਕਾਰਬਨ ਤੋਂ ਲਗਾਤਾਰ ਬਣਿਆ ਹੋਇਆ ਹੈ ਅਤੇ ਨਾ ਹੀ ਓਜ਼ੋਨ ਪਰਤ ਦੇ ਪਤਲੀ ਪੈਣ ਨਾਲ ਪਰਾਵੈਂਗਣੀ ਕਿਰਨਾਂ ਧਰਤੀ 'ਤੇ ਰਹਿਣ ਵਾਲੇ ਸਭ ਜੀਵਾਂ ਲਈ ਮਾਰੂ ਹੋ ਸਕਣ ਦਾ ਕੋਈ ਖ਼ਤਰਾ ਸੀ।

ਸਾਡੇ ਪੂਰਵਜ ਜਾਣਦੇ ਸਨ ਕਿ ਧਰਤੀ 'ਤੇ ਰਹਿਣ ਵਾਲੇ ਮਨੁੱਖਾਂ ਦੀ ਹੋਂਦ ਰੁੱਖਾਂ 'ਤੇ ਹੀ ਨਿਰਭਰ ਹੈ। ਮਨੁੱਖ ਨੂੰ ਸਾਹ ਲੈਣ ਲਈ ਆਕਸੀਜਨ ਦੀ ਜ਼ਰੂਰਤ ਹੈ। ਇਹ ਕੋਈ ਰਿਸ਼ਤੇਦਾਰ ਪ੍ਰਦਾਨ ਨਹੀਂ ਕਰ ਸਕਦਾ ਬਲਕਿ ਰੁੱਖਾਂ ਰੂਪੀ ਅਸਲੀ ਰਿਸ਼ਤੇਦਾਰਾਂ ਨੇ ਹੀ ਜੀਵਨ ਧਾਰਾ ਵਗਦੀ ਰੱਖਣ ਵਿਚ ਸਹਾਇਤਾ ਕਰਨੀ ਹੈ। ਇਸ ਲਈ ਰੁੱਖਾਂ ਨਾਲ ਅਸਲੀ ਰਿਸ਼ਤਾ ਸਮਝਣ ਅਤੇ ਨਿਭਾਉਣ ਦੀ ਬਹੁਤ ਲੋੜ ਹੈ। ਧਰਤੀ 'ਤੇ ਜਿੰਨੇ ਵੀ ਵੱਧ ਤੋਂ ਵੱਧ ਰੁੱਖ ਹੋਣਗੇ, ਓਨੀ ਹੀ ਵੱਧ ਰਹੀ ਆਬਾਦੀ ਨੂੰ ਆਕਸੀਜਨ ਮੁਹੱਈਆ ਹੋ ਸਕੇਗੀ। ਪਸ਼ੂਆਂ ਦਾ ਆਵਾਸ ਯਕੀਨੀ ਹੋ ਸਕੇਗਾ। ਮਨੁੱਖ ਧਰਤੀ ਮਾਤਾ ਦੇ ਹਿਰਦੇ 'ਤੇ ਆਲੀਸ਼ਾਨ ਇਮਾਰਤਾਂ ਉਸਾਰਨ ਅਤੇ ਇਨ੍ਹਾਂ ਇਮਾਰਤਾਂ ਲਈ ਜੰਗਲਾਂ ਦੀ ਕਟਾਈ ਦਾ ਅਖਤਿਆਰ ਰੱਖਦਾ ਹੈ ਤਾਂ ਪਸ਼ੂ-ਪੰਛੀਆਂ ਦਾ ਵੀ ਹੱਕ ਹੈ ਕਿ ਉਨ੍ਹਾਂ ਕੋਲੋਂ ਉਨ੍ਹਾਂ ਦਾ ਕੁਦਰਤੀ ਆਸ਼ਿਆਨਾ ਨਾ ਖੋਹਿਆ ਜਾਵੇ। ਰੋਟੀ ਤੋਂ ਬਿਨਾਂ 5-7 ਦਿਨ ਰਿਹਾ ਜਾ ਸਕਦਾ ਹੈ ਪ੍ਰੰਤੂ ਪਾਣੀ ਤੋਂ ਬਿਨਾਂ ਰਹਿਣਾ ਅਸੰਭਵ ਹੈ ਰੁੱਖਾਂ ਦੀ ਅੰਨ੍ਹੇਵਾਹ ਕਟਾਈ ਕਾਰਨ ਧਰਤੀ ਨੂੰ ਖੋਰਾ ਲੱਗ ਰਿਹਾ ਹੈ। ਭਾਰਤ ਵਿਚ ਤਾਂ ਹਾਲਾਤ ਹੋਰ ਵੀ ਖ਼ਰਾਬ ਹਨ। ਇੱਥੇ ਹਰ ਸਾਲ ਜੰਗਲਾਤ ਹੇਠਲਾ ਰਕਬਾ ਘਟਦਾ ਜਾ ਰਿਹਾ ਹੈ। ਵਿਕਾਸ ਦੇ ਨਾਂ 'ਤੇ ਰੁੱਖਾਂ ਦੀ ਧੜਾਧੜ ਬਲੀ ਲਈ ਜਾ ਰਹੀ ਹੈ। ਤ੍ਰਾਸਦੀ ਇਹ ਹੈ ਕਿ ਪੌਦੇ ਲਗਾਉਣ ਦੇ ਨਾਂ 'ਤੇ ਮੁਹਿੰਮਾਂ ਤਾਂ ਬਹੁਤ ਚਲਾਈਆਂ ਜਾਂਦੀਆਂ ਹਨ ਪਰ ਉਹ ਸਿਰਫ਼ ਖਾਨਾਪੂਰਤੀ ਲਈ ਹੀ ਹੁੰਦੀਆਂ। ਅਕਸਰ ਪੌਦੇ ਲਗਾ ਕੇ ਉਨ੍ਹਾਂ ਦੀ ਸਾਂਭ-ਸੰਭਾਲ ਨਹੀਂ ਕੀਤੀ ਜਾਂਦੀ ਜਿਸ ਕਾਰਨ ਉਨ੍ਹਾਂ ਵਿਚੋਂ ਕਾਫ਼ੀ ਤਾਂ ਸੁੱਕ ਜਾਂਦੇ ਹਨ ਜਾਂ ਉਨ੍ਹਾਂ ਨੂੰ ਪਸ਼ੂ ਖਾ ਜਾਂਦੇ ਹਨ। ਕੇਂਦਰ ਤੇ ਸੂਬਾਈ ਸਰਕਾਰਾਂ ਦੀਆਂ ਚੌਗਿਰਦੇ ਦੀ ਸਾਂਭ-ਸੰਭਾਲ ਪ੍ਰਤੀ ਮੁਹਿੰਮਾਂ ਤੇ ਯੋਜਨਾਵਾਂ ਵੀ ਗੋਂਗਲੂਆਂ ਤੋਂ ਮਿੱਟੀ ਝਾੜਨ ਦੇ ਸਮਾਨ ਹੁੰਦੀਆਂ ਹਨ। ਜੰਗਲਾਂ ਦੇ ਘਟਣ ਕਾਰਨ ਕੁਦਰਤੀ ਬਰਸਾਤੀ ਚੱਕਰ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ ਅਤੇ ਅਜੋਕੇ ਮਨੁੱਖ ਦੇ ਮਨ ਦੀ ਹਰਿਆਲੀ ਰੇਗਿਸਤਾਨ ਦਾ ਰੂਪ ਧਾਰਨ ਕਰ ਰਹੀ ਹੈ। ਹਰੇਕ ਬਸਰ ਮਾਨਸਿਕ ਦੁਖਾਂਤ ਵਿਚ ਵਿਚਰ ਰਿਹਾ ਹੈ। ਕੋਈ ਰਿਸ਼ਤੇਦਾਰ ਦੁੱਖ ਨਹੀਂ ਵੰਡਾ ਰਿਹਾ। ਹਾਲ ਨਹੀਂ ਪੁੱਛ ਰਿਹਾ ਪ੍ਰੰਤੂ ਫਿਰ ਵੀ ਰੁੱਖ ਬੰਦਿਆਂ ਦਾ ਦੁੱਖ-ਸੁੱਖ ਪੁੱਛ ਰਹੇ ਹਨ ਅਜੋਕੀ ਪੀੜ੍ਹੀ ਦੇ ਆਪਣੇ ਪੁੱਤਰਾਂ ਹੱਥੋਂ ਦੁਖੀ ਧਰਤੀ ਮਾਤਾ ਧਾਹਾਂ ਮਾਰ ਕੇ ਕੁਰਲਾ ਰਹੀ ਹੈ। ਉਸ ਦੇ ਸੀਨੇ 'ਤੇ ਫ਼ਸਲਾਂ ਦੇ ਝਾੜ ਵਧਾਉਣ ਲਈ ਮਾਰੂ ਕੀਟਨਾਸ਼ਕਾਂ ਨੂੰ ਛਿੜਕਿਆ ਜਾ ਰਿਹਾ ਹੈ। ਮਨੁੱਖ ਆਪਣੇ ਪੂਰਵਜਾਂ ਦੇ ਖੇਤੀ ਢੰਗਾਂ ਨੂੰ ਵਿਸਾਰ ਰਿਹਾ ਹੈ। ਇਨ੍ਹਾਂ ਕੀਟਨਾਸ਼ਕਾਂ ਦੀ ਵਰਤੋਂ ਨਾਲ ਤਿਆਰ ਖ਼ੁਰਾਕ ਖਾ ਕੇ ਮਨੁੱਖ ਨੂੰ ਕੈਂਸਰ ਵਰਗੀਆਂ ਭਿਆਨਕ ਬਿਮਾਰੀਆਂ ਲੱਗ ਰਹੀਆਂ ਹਨ ਪਰ ਫਿਰ ਵੀ ਉਹ ਦੇਸੀ ਰੂੜੀ ਅਤੇ ਗਊ ਦੇ ਗੋਬਰ ਆਦਿ ਤੋਂ ਤਿਆਰ ਖਾਦਾਂ ਦੀ ਵਰਤੋਂ ਕਰਨ ਤੋਂ ਕੰਨੀ ਕਤਰਾ ਰਿਹਾ ਹੈ ਜਦਕਿ ਉਸ ਦੇਸੀ ਖਾਦ ਨਾਲ ਖੇਤੀ ਖ਼ਰਚਿਆਂ 'ਚ ਵੀ ਕਟੌਤੀ ਹੋ ਸਕਦੀ ਹੈ ਅਤੇ ਤੰਦਰੁਸਤ ਰੱਖਣ ਵਾਲਾ ਅਨਾਜ ਵੀ ਉਪਲਬਧ ਹੋ ਸਕਦਾ ਹੈ। ਖੇਤੀ 'ਚ 'ਹਰੀ ਕ੍ਰਾਂਤੀ ਦੇ ਸੰਕਲਪ ਨੇ ਕਿਸਾਨ ਨੂੰ ਇੰਨਾ ਵਿਹਲੜ ਅਤੇ ਆਲਸੀ ਬਣਾ ਦਿੱਤਾ ਹੈ ਕਿ ਉਹ ਹੱਥੀਂ ਕੰਮ ਕਰਨ ਤੋਂ ਕੰਨੀ ਕਤਰਾ ਰਿਹਾ ਹੈ। ਬੇਸ਼ੱਕ ਹਰੀ ਕ੍ਰਾਂਤੀ ਦਾ ਵਿਚਾਰ ਵੱਧ ਰਹੀ ਆਬਾਦੀ ਦੀਆਂ ਲੋੜਾਂ ਨੂੰ ਮੁੱਖ ਰੱਖ ਕੇ ਵੇਖਿਆਂ ਗ਼ੈਰ-ਵਾਜਿਬ ਪ੍ਰਤੀਤ ਨਹੀਂ ਹੁੰਦਾ ਪ੍ਰੰਤੂ ਇਹ ਕ੍ਰਾਂਤੀ ਲਿਆਉਣ ਲਈ ਜਿਸ ਮਾਤਰਾ ਵਿਚ ਰਸਾਇਣਕ ਖਾਦਾਂ ਅਤੇ ਪੈਸਟੀਸਾਈਡਜ਼ ਦੀ ਵਰਤੋਂ ਕੀਤੀ ਗਈ, ਉਸ ਨੇ ਧਰਤੀ ਦੀ ਕੁਦਰਤੀ ਉਪਜਾਊ ਸ਼ਕਤੀ ਨੂੰ ਘਟਾ ਦਿੱਤਾ ਹੈ। ਧਰਤੀ ਵਿਚ ਰਹਿਣ ਵਾਲੇ ਮਿੱਤਰ ਕੀੜਿਆਂ ਦਾ ਖ਼ਾਤਮਾ ਹੋ ਚੁੱਕਾ ਹੈ

ਧਰਤੀ 'ਤੇ ਉੱਗੇ ਰੁੱਖਾਂ 'ਚੋਂ ਕਿਸੇ ਸਮੇਂ ਅਜਿਹੇ ਮਨੁੱਖ ਦੀ ਸੰਕਲਪਨਾ ਕੀਤੀ ਜਾਂਦੀ ਸੀ ਜਿਸ 'ਚ ਸਬਰ-ਸੰਤੋਖ ਹੁੰਦਾ, ਤ੍ਰਿਸ਼ਨਾ ਮਨਫੀ ਹੁੰਦੀ, ਵਿਖਾਵਾ ਨਾ ਹੁੰਦਾ, ਦੂਜੇ ਨੂੰ ਨੀਵਾਂ ਦਿਖਾਉਣ ਦੀ ਬਿਰਤੀ ਨਾ ਹੁੰਦੀ, ਮਨੁੱਖ ਪ੍ਰਕਿਰਤੀ ਜਾਂ ਰੱਬ ਦੀ ਨਿਰ-ਸਵਾਰਥ ਸੇਵਾ ਕਰਦਾ।ਪਰ ਅਜੋਕਾ ਮਨੁੱਖ ਉਕਤ ਆਦਰਸ਼ ਗੁਣਾਂ ਦੇ ਉਲਟ ਸੋਚਦਾ ਹੈ। ਉਸ ਦੇ ਜੀਵਨ ਦਾ ਟੀਚਾ ਹੰਕਾਰ ਦੇ ਪ੍ਰਦਰਸ਼ਨ ਤੋਂ ਵੱਧ ਕੁਝ ਵੀ ਨਹੀਂ ਹੈ। ਤ੍ਰਿਸ਼ਨਾ ਕਾਰਨ ਹੀ ਮਨੁੱਖ ਅਜਿਹੇ ਕਾਰੇ ਕਰ ਰਿਹਾ ਹੈ ਜਿਨ੍ਹਾਂ ਸਦਕਾ ਵਾਯੂਮੰਡਲ ਖ਼ਰਾਬੀ ਆ ਰਹੀ ਹੈ। ਗਲੇਸ਼ੀਅਰ ਪਿਘਲ ਰਹੇ ਹਨ, ਸਾਗਰਾਂ ਦਾ ਪੱਧਰ ਉੱਚਾ ਹੋ ਰਿਹਾ ਹੈ ਅਤੇ ਉਹ ਦਿਨ ਦੂਰ ਨਹੀਂ ਜਦੋਂ ਵਿਸ਼ਵ ਦੇ ਕਈ ਦੇਸ਼ਾਂ ਅਤੇ ਸਮੁੰਦਰੀ ਤਟ ਨਾਲ ਲੱਗਣ ਵਾਲੇ ਇਲਾਕੇ ਪਾਣੀ ਨਾਲ ਭਰ ਜਾਣਗੇ ਅਤੇ ਬੇਸ਼ੁਮਾਰ ਜਾਨਾਂ ਮਨੁੱਖੀ ਤ੍ਰਿਸ਼ਨਾ ਦੀ ਭੇਟ ਚੜ੍ਹ ਜਾਣਗੀਆਂ। ਸੁਨਾਮੀ ਹੜ ਅਤੇ ਭੁਚਾਲ ਆਉਣਗੇ ਵਾਤਾਵਰਨ ਵਿੱਚ ਖਰਾਬੀ ਮਨੁੱਖੀ ਸਭਿਅਤਾ ਦੀ ਜਿਉਣ ਲਈ ਇਹ ਅਤੀ ਜਰੂਰੀ ਹੈ ਕਿ ਵੱਧ ਤੋਂ ਵੱਧ ਰੁੱਖ ਲਗਾਏ ਜਾਣ ਅਤੇ ਪਾਣੀ ਦੀ ਬਹੁਤ ਸੂਝ ਬੂਝ ਨਾਲ ਵਰਤੋਂ ਕੀਤੀ ਜਾਵੇ ਇਸ ਤੋਂ ਵੀ ਵੱਧ ਵਾਤਾਵਰਨ ਬਚਾਉਣ ਲਈ ਧਰਤੀ ਉੱਤੇ ਦੂਸਰੀ ਜੀਵ ਜੰਤੂ ਦੇ ਰਹਿਣ ਵਸੇਰੇ ਲਈ ਵੀ ਸਾਨੂੰ ਪੂਰਾ ਧਿਆਨ ਦੇਣਾ ਚਾਹੀਦਾ ਹੈ ਤਾਂ ਹੀ ਇਸ ਮਾਂ ਧਰਤੀ ਉੱਤੇ ਇਹ ਮਨੁੱਖੀ ਜੀਵਨ ਸੰਭਵ ਰਹੇਗਾ ਇਸ ਬਾਰੇ ਹਰ ਇਕ ਇਨਸਾਨ ਨੂੰ ਆਪਣਾ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ ਕਾਰਾਂ ਗੱਡੀਆਂ ਦੀ ਵਰਤੋਂ ਘੱਟ ਕਰਕੇ ਸਾਈਕਲ ਇਸਤੇਮਾਲ ਕੀਤਾ ਜਾ ਸਕਦਾ ਹੈ ਜਿਸ ਨਾਲ ਸਰੀਰਕ ਤੌਰ ਤੇ ਅਸੀਂ ਤੰਦਰੁਸਤ ਰਹਾਂਗੇ ਅਤੇ ਵਾਤਾਵਰਨ ਵੀ ਸ਼ੁੱਧ ਰਹੇਗਾ ਹੋਵੇ ਜੇ ਇੱਕ ਮਨੁੱਖ ਘੱਟੋ ਘੱਟ ਤਿੰਨ ਦਰਖਤ ਲਾਵੇ ਅਤੇ ਉਹਨਾਂ ਦੀ ਬੱਚਿਆਂ ਵਾਂਗ ਪ੍ਰਵਰਸ਼ ਕਰੇ

**-ਵਾਤਾਵਰਣ ਪ੍ਰੇਮੀ ਡਾਕਟਰ ਜਗਜੀਵਨ ਸਿੰਘ ਸ਼ੇਰਪੁਰ**

### ਆਪਣੀਆਂ ਜਾਇਜ ਮੰਗਾਂ ਲਈ ਧਰਨਾ ਦੇਣ ਵਾਲਿਆਂ 'ਤੇ

# ਲਾਠੀਚਾਰਜ ਬਹੁਤ ਹੀ ਘਟੀਆ ਕਾਰਵਾਈ ਹੈ- ਸ. ਵਡਾਲਾ, ਸ. ਛੋਟੇਪੁਰ

**ਚੰਡੀਗੜ੍ਹ, 5 ਜੂਨ (ਆਵਾਜ਼ਿ ਕੌਮ ਬਿਊਰੋ)-** ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਅਤੇ ਸੀਨੀਅਰ ਮੀਤ ਪ੍ਰਧਾਨ ਸ ਸੁੱਚਾ ਸਿੰਘ ਛੋਟੇਪੁਰ ਨੇ ਸਾਂਝੇ ਪ੍ਰੈੱਸ ਬਿਆਨ ਰਾਹੀਂ ਪਟਿਆਲਾ ਵਿੱਚ ਧਰਨਾ ਦੇ ਰਹੇ ਅਪਰੈਂਟਸ਼ਿਪ ਨੌਜਵਾਨਾਂ 'ਤੇ ਪੁਲਿਸ ਵੱਲੋਂ ਬਰਬਰਤਾ ਨਾਲ ਕੀਤੇ ਗਏ ਲਾਠੀਚਾਰਜ ਦੀ ਕਰੜੀ ਨਿੰਦਾ ਕੀਤੀ ਹੈ। ਦੋਹਾਂ ਆਗੂਆਂ ਨੇ ਕਿਹਾ ਕਿ ਜਿਹੜੇ ਕਹਿੰਦੇ ਸਨ ਕਿ ਸਰਕਾਰ ਬਣਨ ਤੋਂ ਬਾਦ ਹਰਾ ਪੈੱਨ ਨੌਜਵਾਨਾਂ ਨੂੰ ਨੌਕਰੀਆਂ ਦੇਣ ਲਈ ਹੀ ਚੱਲੇਗਾ। ਅੱਜ ਉਹ ਨੌਕਰੀ ਮੰਗਦੇ ਨੌਜਵਾਨਾਂ ਦੇ ਜਿਸਮਾਂ ਨੂੰ ਲਾਠੀਆਂ ਨਾਲ ਨੀਲਾ ਕਰ ਰਹੇ ਹਨ। ਉਹਨਾਂ ਕਿਹਾ ਕਿ ਆਪਣੀਆਂ ਜਾਇਜ਼ ਮੰਗਾਂ ਲਈ ਪਟਿਆਲਾ ਸਥਿਤ ਪਾਵਰਕੌਮ ਦੇ ਮੁੱਖ ਦਫ਼ਤਰ ਅੱਗੇ ਸ਼ਾਂਤੀਪੂਰਨ ਰੋਸ ਪ੍ਰਦਰਸ਼ਨ ਕਰ ਰਹੇ 2600 ਅਪਰੈਂਟਿਸ਼ਿਪ ਨੌਜਵਾਨਾਂ 'ਤੇ ਭਗਵੰਤ ਮਾਨ ਸਰਕਾਰ ਵੱਲੋਂ ਕੀਤਾ ਗਿਆ ਲਾਠੀਚਾਰਜ਼ ਬੇਹੱਦ ਮੰਦਭਾਗਾ ਅਤੇ ਨਿੰਦਣਯੋਗ ਹੈ। ਸਰਕਾਰ ਨੂੰ ਇਹਨਾਂ ਸਿਖਿਅਤ ਅਤੇ ਪੜ੍ਹੇ ਲਿਖੇ ਨੌਜਵਾਨ ਨਾਲ ਇਨਸਾਨਾਂ ਵਾਂਗ ਵਿਹਾਰ ਕਰਕੇ ਗੱਲਬਾਤ ਰਾਹੀਂ ਮਸਲਾ ਹੱਲ ਕਰਨਾ ਚਾਹੀਦਾ ਸੀ। ਪਰ ਹਕੂਮਤੀ ਤਾਕਤ ਦੇ ਨਸ਼ੇ ਨੇ ਭਗਵੰਤ ਮਾਨ ਸਰਕਾਰ ਦੀ ਮੱਤ ਮਾਰ ਦਿੱਤੀ ਹੈ। ਜਿਸ ਕਰਕੇ ਉਹ ਹਰ ਵਿਰੋਧੀ ਆਵਾਜ ਅਤੇ ਰੋਜ਼ਗਾਰ ਮੰਗਦੇ ਹੱਥਾਂ ਨੂੰ ਡਾਂਗ ਨਾਲ ਦਬਾ ਦੇਣਾ ਚਾਹੁੰਦੀ ਹੈ। ਇਹ ਲੋਕਾਂ ਦੇ ਲੋਕਤੰਤਰੀ ਅਧਿਕਾਰਾਂ ਦਾ ਵੀ ਘਾਣ ਹੈ, ਜਿੰਨਾਂ ਨੂੰ ਆਪਣੇ ਹੱਕ ਲਈ ਰੋਸ ਪ੍ਰਦਰਸ਼ਨ ਕਰਨ ਦਾ ਅਧਿਕਾਰ ਭਾਰਤੀ ਸੰਵਿਧਾਨ ਵੀ ਦਿੰਦਾ ਹੈ। ਦੋਹਾਂ ਆਗੂਆਂ ਨੇ ਕਿਹਾ ਕਿ ਸਰਕਾਰ ਨੂੰ ਤੁਰੰਤ ਨੌਜਵਾਨਾਂ ਦੀਆਂ ਮੰਗਾਂ ਮੰਨਣੀਆਂ ਚਾਹੀਦੀਆਂ ਹਨ ਅਤੇ ਉਹਨਾਂ 'ਤੇ ਤਸ਼ੱਦਦ ਕਰਨ ਵਾਲੇ ਪੁਲਸ ਮੁਲਾਜ਼ਮਾਂ ਨੂੰ ਸਸਪੈਂਡ ਕਰਕੇ ਉਹਨਾਂ ਖਿਲਾਫ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ। ਪ੍ਰੈੱਸ ਦੇ ਨਾਂ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।



ਸ. ਗੁਰਪ੍ਰਤਾਪ ਸਿੰਘ ਵਡਾਲਾ

ਸ. ਸੁੱਚਾ ਸਿੰਘ ਛੋਟੇਪੁਰ

# ਜੂਨ 84 ਤੀਜੇ ਘੱਲੂਘਾਰੇ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ, ਨੌਜਵਾਨਾਂ ਨੂੰ ਇਤਿਹਾਸ ਜਾਣਨ ਦੀ ਅਪੀਲ: ਪਰਮਜੀਤ ਸਿੰਘ ਸਰਨਾ

ਨਵੀਂ ਦਿੱਲੀ, 5 ਜੂਨ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਅਕਾਲੀ ਦਲ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਜੂਨ 1984 ਵਿੱਚ ਸ਼੍ਰੀ ਦਰਬਾਰ ਸਾਹਿਬ ਅਤੇ ਪੰਜਾਬ ਦੇ ਹੋਰ ਗੁਰਦੁਆਰਿਆਂ 'ਤੇ ਹੋਏ ਫੌਜੀ ਹਮਲੇ ਦੌਰਾਨ ਸ਼ਹੀਦ ਹੋਏ ਸਿੰਘਾਂ ਅਤੇ ਨਿਰਦੋਸ਼ ਲੋਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸਿੱਖ ਕੌਮ ਵੱਲੋਂ ਇਸ ਘਟਨਾ ਨੂੰ ਤੀਜਾ ਘੱਲੂਘਾਰਾ ਵਜੋਂ ਯਾਦ ਕੀਤਾ ਜਾਂਦਾ ਹੈ। ਆਪਰੇਸ਼ਨ ਬਲੂ ਸਟਾਰ ਦੀ 42ਵੀਂ ਵਰ੍ਹੇਗੰਢ ਮੌਕੇ ਜਾਰੀ ਆਪਣੇ ਬਿਆਨ ਵਿੱਚ ਸਰਨਾ ਨੇ ਕਿਹਾ ਕਿ ਜੂਨ 1984 ਦੀਆਂ ਘਟਨਾਵਾਂ ਆਧੁਨਿਕ ਸਿੱਖ ਇਤਿਹਾਸ ਦੇ ਸਭ ਤੋਂ ਦੁਖਦਾਈ ਅਧਿਆਇਆਂ ਵਿੱਚੋਂ ਇੱਕ ਹਨ। ਉਨ੍ਹਾਂ ਕਿਹਾ ਕਿ ਸਿੱਖ ਧਰਮ ਦੇ ਸਭ ਤੋਂ ਪਵਿੱਤਰ ਅਸਥਾਨ 'ਤੇ ਹੋਏ ਹਮਲੇ ਨੇ ਸਮੂਹ ਸਿੱਖ ਭਾਈਚਾਰੇ ਨੂੰ ਗਹਿਰਾ ਦੁੱਖ ਪਹੁੰਚਾਇਆ ਅਤੇ ਇਸ ਦੀਆਂ ਯਾਦਾਂ ਅੱਜ ਵੀ ਪੀੜ੍ਹੀ ਦਰ ਪੀੜ੍ਹੀ ਤਾਜ਼ਾ ਹਨ। ਸਰਨਾ ਨੇ ਕਿਹਾ ਕਿ ਇਹ ਦਿਹਾੜਾ ਸ਼ਹੀਦਾਂ ਦੀ ਯਾਦ ਨੂੰ ਨਮਨ ਕਰਨ ਅਤੇ ਧਾਰਮਿਕ ਆਜ਼ਾਦੀ, ਮਨੁੱਖੀ ਅਧਿਕਾਰਾਂ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਦੀ ਰੱਖਿਆ ਦੇ ਸੰਕਲਪ ਨੂੰ ਦੁਹਰਾਉਣ ਦਾ ਮੌਕਾ ਹੈ। ਉਨ੍ਹਾਂ ਨੌਜਵਾਨ ਪੀੜ੍ਹੀ ਨੂੰ 1984 ਦੀਆਂ ਇਤਿਹਾਸਕ ਘਟਨਾਵਾਂ ਬਾਰੇ ਜਾਣਕਾਰੀ ਹਾਸਲ ਕਰਨ ਦੀ ਅਪੀਲ ਵੀ ਕੀਤੀ। ਉਨ੍ਹਾਂ ਕਿਹਾ, ਸਿੱਖ ਕੌਮ ਜੂਨ 1984 ਦੇ ਹਮਲੇ ਦੌਰਾਨ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਸਾਰੇ ਸ਼ਹੀਦਾਂ ਨੂੰ ਸਤਿਕਾਰ ਅਤੇ ਨਿਮਰਤਾ ਨਾਲ ਯਾਦ ਕਰਦੀ ਹੈ। ਉਨ੍ਹਾਂ ਦੀ ਸ਼ਹਾਦਤ ਦੀ ਯਾਦ ਪੰਥ ਦੀ ਸਾਂਝੀ ਚੇਤਨਾ ਵਿੱਚ ਸਦਾ ਲਈ ਦਰਜ ਹੈ। ਅੰਤ ਵਿੱਚ ਸਰਨਾ ਨੇ ਅਮਨ, ਇਨਸਾਫ਼ ਅਤੇ ਆਪਸੀ ਭਾਈਚਾਰੇ ਦੀ ਲੋੜ ਉੱਤੇ ਜ਼ੋਰ ਦਿੰਦਿਆਂ ਕਿਹਾ ਕਿ ਸਿੱਖ ਕੌਮ ਮਨੁੱਖੀ ਮਰਿਆਦਾ ਦੀ ਰੱਖਿਆ ਅਤੇ ਹਰ ਕਿਸਮ ਦੇ ਜ਼ੁਲਮ ਦੇ ਵਿਰੋਧ ਲਈ ਵਚਨਬੱਧ ਹੈ।



# ਚੁੱਘ ਨੂੰ ਰਾਜ ਸਭਾ ਮੈਂਬਰ ਬਣਨ ਤੇ ਨੀਲੂ ਮਿੱਤਲ ਨੇ ਦਿੱਤੀ ਮੁਬਾਰਕਵਾਦ

**ਧੂਰੀ ( ਰਣਜੀਤ ਸਿੰਘ ਪੇਧਨੀ )**-ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ ਸ੍ਰੀ ਤਰੁਣ ਚੁੱਘ ਨੂੰ ਰਾਜ ਸਭਾ ਮੈਂਬਰ ਬਣਨ ਤੇ ਮੁਬਾਰਕਬਾਦ ਦਿੰਦਿਆਂ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਕ੍ਰਿਸਨ ਗੋਪਾਲ ਨੀਲੂ ਮਿੱਤਲ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਨੇ ਹਮੇਸ਼ਾ ਹੀ ਆਪਣੇ ਵਰਕਰ ਨੂੰ ਉੱਚਾ ਚੁੱਕਿਆ ਹੈ ਪਿਛਲੇ ਲੰਬੇ ਸਮੇਂ ਤੋਂ ਪਾਰਟੀ ਦੇ ਲਈ ਦਿਨ ਰਾਤ ਮਿਹਨਤ ਕਰਦੇ ਆ ਰਹੇ ਸ਼੍ਰੀ ਤਰੁਣ ਚੁੱਘ ਨੂੰ ਰਾਜ ਸਭਾ ਵਿੱਚ ਭੇਜ ਕੇ ਪਾਰਟੀ ਵਰਕਰਾਂ ਅਤੇ ਪੰਜਾਬੀਆਂ ਦਾ ਦਿਲ ਜਿੱਤਿਆ ਹੈ। ਉਹਨਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚਭਾਰਤੀ ਜਨਤਾ ਪਾਰਟੀ ਪੂਰੇ ਪੰਜਾਬ ਵਿੱਚ ਚੰਗਾ ਪ੍ਰਦਰਸ਼ਨ ਕਰਕੇ ਇਕੱਲਿਆਂ ਸਰਕਾਰ ਬਣਾ ਕੇ ਇਤਿਹਾਸ ਸਰਜੇਗੀ।



# ਜੂਨ 1984: ਜਦੋਂ ਗੁਰੂ ਘਰ ਹੋਏ ਲਹੂ-ਲੁਹਾਣ, ਕੌਮ ਦੇ ਦਿਲਾਂ ਵਿੱਚ ਸਦਾ ਲਈ ਵੱਸ ਗਿਆ ਨਾ ਮਿਟਣ ਵਾਲਾ ਦਰਦ : ਭਾਈ ਉਂਕਾਰ ਸਿੰਘ

## ਹਰ ਅਰਦਾਸ ਵਿੱਚ ਜਿਊਂਦੇ ਹਨ ਸ਼ਹੀਦ, ਖ਼ੂਨ ਨਾਲ ਲਿਖਿਆ ਗਿਆ ਇਤਿਹਾਸ, ਜਿਸ ਨੂੰ ਕੌਮ ਕਦੇ ਭੁਲਾ ਨਹੀਂ ਸਕਦੀ

ਨਵੀਂ ਦਿੱਲੀ 5 ਜੂਨ (ਮਨਪ੍ਰੀਤ ਸਿੰਘ ਖਾਲਸਾ):- ਜੂਨ 1984 ਦੀਆਂ ਉਹ ਕਾਲੀਆਂ ਅਤੇ ਦਰਦਨਾਕ ਘੜੀਆਂ ਸਿੱਖ ਕੌਮ ਦੇ ਇਤਿਹਾਸ ਦਾ ਉਹ ਅਧਿਆਇ ਹਨ, ਜਿਨ੍ਹਾਂ ਨੂੰ ਯਾਦ ਕਰਦਿਆਂ ਅੱਜ ਵੀ ਹਰ ਸਿੱਖ ਦਾ ਹਿਰਦਾ ਵਲੂੰਧਰਿਆ ਜਾਂਦਾ ਹੈ। ਜਦੋਂ ਸ੍ਰੀ ਹਰਿਮੰਦਰ ਸਾਹਿਬ ਅਤੇ ਹੋਰ ਗੁਰਧਾਮਾਂ ਉੱਤੇ ਫੌਜੀ ਕਾਰਵਾਈ ਕੀਤੀ ਗਈ, ਉਦੋਂ ਸਿਰਫ਼ ਇੱਟਾਂ-ਪੱਥਰਾਂ ਉੱਤੇ ਹਮਲਾ ਨਹੀਂ ਹੋਇਆ ਸੀ, ਸਗੋਂ ਇੱਕ ਕੌਮ ਦੀਆਂ ਧਾਰਮਿਕ ਭਾਵਨਾਵਾਂ, ਸਵੈਮਾਣ ਅਤੇ ਰੂਹ ਨੂੰ ਡੂੰਘੀ ਸੱਟ ਮਾਰੀ ਗਈ ਸੀ। ਇਸ ਦੁਖਾਂਤਕ ਘਟਨਾ ਦੀ ਯਾਦ ਵਿੱਚ ਸ਼੍ਰੋਮਣੀ ਰਾਗੀ ਸਭਾ ਸ਼੍ਰੀ ਅੰਮ੍ਰਿਤਸਰ ਦੇ ਪ੍ਰਧਾਨ ਅਤੇ ਸੱਚਖੰਡ ਸ਼੍ਰੀ ਦਰਬਾਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਉਂਕਾਰ ਸਿੰਘ ਨੇ ਜੂਨ 1984 ਦੌਰਾਨ ਗੁਰਧਾਮਾਂ ਦੀ ਮਰਯਾਦਾ ਅਤੇ ਸਿੱਖ ਅਸੂਲਾਂ ਦੀ ਰੱਖਿਆ ਲਈ ਜੂਝਣ ਵਾਲੇ ਸਮੂਹ ਸ਼ਹੀਦ ਸਿੰਘਾਂ ਅਤੇ ਸਿੰਘਣੀਆਂ ਨੂੰ ਕੇਸਰੀ ਸਲਾਮ ਭੇਟ ਕਰਦਿਆਂ ਕਿਹਾ ਕਿ ਉਹ ਮਹਾਨ ਰੂਹਾਂ ਕੌਮ ਦੀ ਅਣਖ, ਚੜ੍ਹਦੀ ਕਲਾ ਅਤੇ ਅਡੋਲ ਵਿਸ਼ਵਾਸ ਦੀ ਜਿਉਂਦੀ-ਜਾਗਦੀ ਮਿਸਾਲ ਹਨ। ਜਦੋਂ ਸੱਤਾ ਨੇ ਬੰਦੂਕਾਂ, ਟੈਂਕਾਂ ਅਤੇ ਤੋਪਾਂ ਦੇ ਜ਼ੋਰ ਨਾਲ ਆਪਣੀ ਤਾਕਤ ਦਾ ਪ੍ਰਦਰਸ਼ਨ ਕੀਤਾ, ਉਦੋਂ ਇਨ੍ਹਾਂ ਮਰਜੀਵੜਿਆਂ ਨੇ ਆਪਣੇ ਸੀਨਿਆਂ ਉੱਤੇ ਗੋਲੀਆਂ ਸਹਾਰ ਕੇ ਇਹ ਸਾਬਤ ਕੀਤਾ ਕਿ ਖ਼ਾਲਸੇ ਦੀ ਰੂਹ ਨੂੰ ਕਿਸੇ ਵੀ ਜਬਰ ਨਾਲ ਝੁਕਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਸ਼ਹੀਦ ਸਿੰਘਾਂ ਅਤੇ ਸਿੰਘਣੀਆਂ ਦੀਆਂ ਕੁਰਬਾਨੀਆਂ ਸਿਰਫ਼ ਇਤਿਹਾਸ ਦਾ ਹਿੱਸਾ ਨਹੀਂ, ਸਗੋਂ ਕੌਮ ਲਈ ਸਦੀਵੀ ਪ੍ਰੇਰਣਾ ਸਰੋਤ ਹਨ। ਉਨ੍ਹਾਂ ਦਾ ਬਲਿਦਾਨ ਹਰ ਉਸ ਵਿਅਕਤੀ ਲਈ ਚਾਨਣ-ਮੁਨਾਰਾ ਹੈ ਜੋ ਸੱਚ, ਇਨਸਾਫ਼ ਅਤੇ ਧਾਰਮਿਕ ਅਜ਼ਾਦੀ ਦੀ ਰੱਖਿਆ ਲਈ ਸੰਘਰਸ਼ ਕਰਦਾ ਹੈ। ਭਾਈ ਉਂਕਾਰ ਸਿੰਘ ਨੇ ਜੂਨ 1984 ਦੌਰਾਨ ਗੁਰਧਾਮਾਂ ਉੱਤੇ ਕੀਤੀ ਗਈ ਫੌਜੀ ਕਾਰਵਾਈ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਪਵਿੱਤਰ ਧਾਰਮਿਕ ਅਸਥਾਨਾਂ ਵਿੱਚ ਫੌਜੀ ਦਖ਼ਲਅੰਦਾਜ਼ੀ ਨੇ ਸਿੱਖ ਕੌਮ ਦੇ ਮਨਾਂ ਉੱਤੇ ਅਜਿਹੇ ਜ਼ਖ਼ਮ ਲਾਏ ਜੋ ਅੱਜ ਵੀ ਨਹੀਂ ਭਰੇ। ਇਹ ਘਟਨਾਵਾਂ ਇਤਿਹਾਸ ਦੇ ਸਫ਼ਿਆਂ ਉੱਤੇ ਇੱਕ ਅਜਿਹਾ ਦਰਦਨਾਕ ਅਧਿਆਇ ਹਨ, ਜਿਸ ਦੀ ਪੀੜ੍ਹ ਅੱਜ ਵੀ ਮਹਿਸੂਸ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਜੂਨ 1984 ਕੋਈ ਬੀਤਿਆ ਹੋਇਆ ਵਾਕਿਆ ਨਹੀਂ, ਸਗੋਂ ਕੌਮ ਦੀ ਯਾਦ ਵਿੱਚ ਦਰਜ ਉਹ ਸੱਚ ਹੈ ਜੋ ਹਰ ਸਾਲ ਨਵਾਂ ਹੋ ਕੇ ਸਾਹਮਣੇ ਆ ਜਾਂਦਾ ਹੈ। ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਭੁਲਾਇਆ ਨਹੀਂ ਜਾ ਸਕਦਾ ਅਤੇ ਨਾ ਹੀ ਉਨ੍ਹਾਂ ਦੀ ਯਾਦ ਨੂੰ ਕਦੇ ਮਿਟਾਇਆ ਜਾ ਸਕੇਗਾ। ਅੰਤ ਵਿੱਚ ਭਾਈ ਉਂਕਾਰ ਸਿੰਘ ਨੇ ਸਮੂਹ ਸੰਗਤ ਨੂੰ ਅਪੀਲ ਕੀਤੀ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਰੱਖਦਿਆਂ ਗੁਰੂ ਸਾਹਿਬ ਦੇ ਦਰਸਾਏ ਸੱਚ, ਨਿਆਂ, ਸੇਵਾ ਅਤੇ ਚੜ੍ਹਦੀ ਕਲਾ ਦੇ ਮਾਰਗ ਉੱਤੇ ਚੱਲਣ ਦਾ ਅਹਿਦ ਕੀਤਾ ਜਾਵੇ। "ਜਿਨ੍ਹਾਂ ਨੇ ਗੁਰਧਾਮਾਂ ਦੀ ਮਰਯਾਦਾ ਅਤੇ ਕੌਮ ਦੀ ਅਣਖ ਲਈ ਆਪਣੇ ਸੀਸ ਵਾਰ ਦਿੱਤੇ, ਉਹ ਸਦਾ ਸਾਡੀਆਂ ਅਰਦਾਸਾਂ, ਸਾਡੇ ਸਤਿਕਾਰ ਅਤੇ ਸਾਡੇ ਇਤਿਹਾਸ ਵਿੱਚ ਅਮਰ ਰਹਿਣਗੇ।" ਜੂਨ 1984 ਦੇ ਸਮੂਹ ਸ਼ਹੀਦ ਸਿੰਘਾਂ, ਸਿੰਘਣੀਆਂ ਅਤੇ ਮਰਜੀਵੜਿਆਂ ਨੂੰ ਕੋਟਿ-ਕੋਟਿ ਪ੍ਰਣਾਮ ਤੇ ਕੇਸਰੀ ਸਲਾਮ।



## ਸੰਤ ਬਾਬਾ ਪ੍ਰੇਮ ਸਿੰਘ ਜੀ ਮੁਰਾਲੇ ਵਾਲਿਆਂ ਦੀ ਬਰਸੀ

# ਬੇਗੋਵਾਲ ਵਿਖੇ ਸ਼ਰਧਾ ਅਤੇ ਸਤਿਕਾਰ ਨਾਲ ਮਨਾਈ ਗਈ

### ਬਾਬਾ ਜੀ ਨੇ ਆਪਣਾ ਸਾਰਾ ਜੀਵਨ ਗੁਰਮਤਿ ਦੇ ਪ੍ਰਚਾਰ, ਧਾਰਮਿਕ ਜਾਗਰੂਕਤਾ ਅਤੇ ਮਨੁੱਖਤਾ ਦੀ ਸੇਵਾ ਲਈ ਸਮਰਪਿਤ ਕੀਤਾ : ਪ੍ਰਸਿੱਧ ਸਿੱਖ ਵਿਦਵਾਨ, ਚਿੰਤਕ ਅਤੇ ਲੇਖਕ ਸਰਦਾਰ ਭਗਵਾਨ ਸਿੰਘ ਜੌਹਲ






**ਬੇਗੋਵਾਲ, 5 ਜੂਨ (ਆਵਾਜ਼ਿ ਕੌਮ ਬਿਊਰੋ)-** ਸਿੱਖ ਪੰਥ ਦੀਆਂ ਸਤਿਕਾਰਯੋਗ ਹਸਤੀਆਂ ਵਿੱਚ ਸ਼ੁਮਾਰ ਸੰਤ ਬਾਬਾ ਪ੍ਰੇਮ ਸਿੰਘ ਜੀ ਮੁਰਾਲੇ ਵਾਲਿਆਂ ਦੀ ਸਲਾਨਾ ਬਰਸੀ ਬੇਗੋਵਾਲ ਵਿਖੇ ਬੜੀ ਸ਼ਰਧਾ, ਸਤਿਕਾਰ ਅਤੇ ਧਾਰਮਿਕ ਉਤਸ਼ਾਹ ਨਾਲ ਮਨਾਈ ਗਈ। ਇਸ ਮੌਕੇ ਸਜੇ ਵਿਸ਼ਾਲ ਧਾਰਮਿਕ ਦੀਵਾਨ ਵਿੱਚ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ

ਆਵਾਜ਼ਿ ਕੌਮ AWAZE QAUM International Newspaper & WEB TV

ਰਾਜਨੀਤਿਕ ਖੇਤਰਾਂ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰ ਕੇ ਮਹਾਨ ਸੰਤ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

ਸਮਾਗਮ ਦੌਰਾਨ ਸੰਗਤਾਂ ਨੇ ਗੁਰਬਾਣੀ ਕੀਰਤਨ ਸਰਵਣ ਕੀਤਾ ਅਤੇ ਸੰਤ ਬਾਬਾ ਪ੍ਰੇਮ ਸਿੰਘ ਜੀ ਮੁਰਾਲੇ ਵਾਲਿਆਂ ਦੇ ਜੀਵਨ, ਸੇਵਾਵਾਂ ਅਤੇ ਪੰਥ ਪ੍ਰਤੀ ਉਨ੍ਹਾਂ ਦੇ ਯੋਗਦਾਨ ਨੂੰ ਯਾਦ ਕੀਤਾ। ਇਸ ਮੌਕੇ ਗਿਆਨੀ ਹਰਪ੍ਰੀਤ ਸਿੰਘ ਜੀ, ਸਰਦਾਰ ਪ੍ਰੇਮ ਸਿੰਘ ਚੰਦੂਮਾਜਰਾ, ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ ਸਮੇਤ ਹੋਰ ਪੰਥਕ ਅਤੇ ਸਮਾਜਿਕ ਆਗੂਆਂ ਨੇ ਹਾਜ਼ਰੀ ਭਰੀ।

ਦੀਵਾਨ ਨੂੰ ਸੰਬੋਧਨ ਕਰਦਿਆਂ ਪ੍ਰਸਿੱਧ ਸਿੱਖ ਵਿਦਵਾਨ, ਚਿੰਤਕ ਅਤੇ ਲੇਖਕ ਸਰਦਾਰ ਭਗਵਾਨ ਸਿੰਘ ਜੌਹਲ ਨੇ ਸੰਤ ਬਾਬਾ ਪ੍ਰੇਮ ਸਿੰਘ ਜੀ ਮੁਰਾਲੇ ਵਾਲਿਆਂ ਨੂੰ ਆਪਣੀ ਸ਼ਰਧਾ ਅਤੇ ਸਤਿਕਾਰ ਭੇਟ ਕਰਦਿਆਂ ਕਿਹਾ ਕਿ ਬਾਬਾ ਜੀ ਨੇ ਆਪਣਾ ਸਾਰਾ ਜੀਵਨ ਗੁਰਮਤਿ ਦੇ ਪ੍ਰਚਾਰ, ਧਾਰਮਿਕ ਜਾਗਰੂਕਤਾ ਅਤੇ ਮਨੁੱਖਤਾ ਦੀ ਸੇਵਾ ਲਈ ਸਮਰਪਿਤ ਕੀਤਾ। ਉਨ੍ਹਾਂ ਕਿਹਾ ਕਿ ਬਾਬਾ ਜੀ ਦਾ ਜੀਵਨ ਨਿਮਰਤਾ, ਸੇਵਾ, ਸਿਮਰਨ ਅਤੇ ਪੰਥ ਪ੍ਰਤੀ ਸਮਰਪਣ ਦੀ ਜੀਵੰਤ ਮਿਸਾਲ ਹੈ। ਉਨ੍ਹਾਂ ਨੇ ਬਾਬਾ ਜੀ ਦੇ ਜੀਵਨ ਦੇ ਵੱਖ-ਵੱਖ ਪੱਖਾਂ ਉੱਤੇ ਚਾਨਣਾ ਪਾਉਂਦਿਆਂ ਦੱਸਿਆ ਕਿ ਉਨ੍ਹਾਂ ਵੱਲੋਂ ਧਾਰਮਿਕ, ਵਿਦਿਅਕ ਅਤੇ ਸਮਾਜਿਕ ਖੇਤਰਾਂ ਵਿੱਚ ਪਾਏ ਗਏ ਯੋਗਦਾਨ ਅੱਜ ਵੀ ਸੰਗਤ ਲਈ ਪ੍ਰੇਰਣਾ ਸਰੋਤ ਹਨ।

ਬੁਲਾਰਿਆਂ ਨੇ ਕਿਹਾ ਕਿ ਸੰਤ ਬਾਬਾ ਪ੍ਰੇਮ ਸਿੰਘ ਜੀ ਮੁਰਾਲੇ ਵਾਲਿਆਂ ਨੇ ਸਿੱਖੀ ਦੇ ਪ੍ਰਚਾਰ ਅਤੇ ਗੁਰਬਾਣੀ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਮਹੱਤਵਪੂਰਨ ਭੂਮਿਕਾ ਨਿਭਾਈ। ਉਨ੍ਹਾਂ ਵੱਲੋਂ ਕੀਤੀਆਂ ਸੇਵਾਵਾਂ ਅਤੇ ਉੱਚ ਆਦਰਸ਼ਾਂ ਨੂੰ ਪੰਥ ਕਦੇ ਵੀ ਭੁੱਲ ਨਹੀਂ ਸਕਦਾ।

ਇਸ ਮੌਕੇ ਬੀਬੀ ਜਗੀਰ ਕੌਰ ਜੀ ਅਤੇ ਸਰਦਾਰ ਪ੍ਰੇਮ ਸਿੰਘ ਚੰਦੂਮਾਜਰਾ ਜੀ ਵੱਲੋਂ ਸਰਦਾਰ ਭਗਵਾਨ ਸਿੰਘ ਜੌਹਲ ਨੂੰ ਸਿੱਖ ਸਾਹਿਤ, ਚਿੰਤਨ ਅਤੇ ਪੰਥਕ ਖੇਤਰ ਵਿੱਚ ਪਾਏ ਗਏ ਵਿਸ਼ੇਸ਼ ਯੋਗਦਾਨ ਲਈ ਸਨਮਾਨਿਤ ਵੀ ਕੀਤਾ ਗਿਆ। ਸਨਮਾਨ ਸਮੇਂ ਹਾਜ਼ਰ ਸੰਗਤ ਵੱਲੋਂ ਨਿੱਘਾ ਸਵਾਗਤ ਅਤੇ ਪ੍ਰਸ਼ੰਸਾ ਕੀਤੀ ਗਈ। ਬਰਸੀ ਸਮਾਗਮ ਦੌਰਾਨ ਸੰਗਤਾਂ ਲਈ ਗੁਰੂ ਕਾ ਅਤੁੱਟ ਲੰਗਰ ਵੀ ਵਰਤਾਇਆ ਗਿਆ। ਵੱਡੀ ਗਿਣਤੀ ਵਿੱਚ ਪੁੱਜੀਆਂ ਸੰਗਤਾਂ ਨੇ ਗੁਰੂ ਘਰ ਵਿੱਚ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਅਤੇ ਸੰਤ ਬਾਬਾ ਪ੍ਰੇਮ ਸਿੰਘ ਜੀ ਮੁਰਾਲੇ ਵਾਲਿਆਂ ਦੇ ਦਰਸਾਏ ਸੇਵਾ, ਸਿਮਰਨ ਅਤੇ ਗੁਰਮਤਿ ਦੇ ਮਾਰਗ ਉੱਤੇ ਚੱਲਣ ਦਾ ਅਹਿਦ ਕੀਤਾ। ਸਮੁੱਚਾ ਮਾਹੌਲ ਗੁਰਬਾਣੀ, ਕੀਰਤਨ ਅਤੇ ਵਾਹਿਗੁਰੂ ਦੇ ਜਾਪ ਨਾਲ ਰੂਹਾਨੀ ਰੰਗ ਵਿੱਚ ਰੰਗਿਆ ਹੋਇਆ ਨਜ਼ਰ ਆਇਆ।

## ਸ਼ੇਰੇ ਪੰਜਾਬ ਪ੍ਰੈੱਸ ਕਲੱਬ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਬਲਜੀਤ ਬਿੱਟੂ ਦੀ ਪ੍ਰਧਾਨਗੀ ਹੇਠ ਹੋਈ



**ਜੰਡਿਆਲਾ ਗੁਰੂ, 5 ਜੂਨ (ਕੁਲਵੰਤ ਸਿੰਘ ਵਿਰਦੀ)**-ਸ਼ੇਰੇ ਪੰਜਾਬ ਪ੍ਰੈੱਸ ਕਲੱਬ ਜੰਡਿਆਲਾ ਗੁਰੂ ਦੇ ਪ੍ਰਧਾਨ ਬਲਜੀਤ ਸਿੰਘ ਬਿੱਟੂ ਦੀ ਪ੍ਰਧਾਨਗੀ ਹੇਠ ਮਹੀਨਾਵਾਰ ਮੀਟਿੰਗ ਨਿੱਜੀ ਰੈਸਟੋਰੈਂਟ ਵਿਖੇ ਹੋਈ ਇਸ ਮੀਟਿੰਗ ਦੌਰਾਨ ਪੱਤਰਕਾਰਾਂ ਨੂੰ ਆ ਰਹੀਆਂ ਮੁਸ਼ਿਕਲਾਂ ਦੌਰਾਨ ਉਹਨਾਂ ਦੇ ਹੱਲ ਕੱਢਣ ਲਈ ਵਿਚਾਰਾਂ ਸਾਂਝੀਆਂ ਕੀਤੀਆਂ ਗਈਆਂ !ਇਸ ਮੌਕੇ ਪ੍ਰਧਾਨ ਬਲਜੀਤ ਸਿੰਘ ਬਿੱਟੂ, ਤੋਂ ਇਲਾਵਾ ਪੱਤਰਕਾਰ ਰਾਮ ਸ਼ਰਨਜੀਤ ਸਿੰਘ ਚੜ੍ਹਦੀ ਕਲ੍ਹਾ ਟਾਈਮ ਟੀ ਵੀ, ਹਰਿੰਦਰ ਸਿੰਘ ਡੱਡਵਾਲ, ਜਸਬੀਰ ਸਿੰਘ ਭੋਲਾ, ਮਨਦੀਪ ਸਿੰਘ ਜੰਮੂ, ਮਲਕੀਤ ਸਿੰਘ ਸੱਗੂ, ਸਰਦੂਲ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਦੁਆਰਾ ਸਹੀਦ ਬਾਬਾ ਸੁੱਧਾ ਸਿੰਘ ਜੀ ਦਕੋਹਾ ਵਿਖੇ ਗੁਰਮਤਿ ਸਮਰ ਕੈਂਪ 7 ਜੂਨ ਤੋਂ 12 ਜੂਨ ਤੱਕ ਭਾਈ ਹਰਦੇਵ ਸਿੰਘ

### ਆਓ ਗਰਮੀਆਂ ਦੀਆਂ ਛੁੱਟੀਆਂ ਚ ਬੱਚਿਆਂ ਨੂੰ ਸਿੱਖ ਮਤਿ ਦੇ ਕਿ ਗੁਰਮਤਿ ਦੇ ਧਾਰਨੀ ਬਣਾਈਏ



**ਜੰਡਿਆਲਾ ਗੁਰੂ, 5 ਜੂਨ ( ਕੁਲਵੰਤ ਸਿੰਘ ਵਿਰਦੀ )**-ਅੱਜ ਗੱਲਬਾਤ ਦੌਰਾਨ ਭਾਈ ਹਰਦੇਵ ਸਿੰਘ ਮੁੱਖ ਸੰਚਾਲਕ ਸਹੀਦ ਸੁੱਧਾ ਸਿੰਘ ਜੀ ਅਕੈਡਮੀ ਪਿੰਡ ਦਕੋਹਾ ਗੁਰਦਾਸਪੁਰ ਨੇ ਦੱਸਿਆ ਕਿ ਬੱਚਿਆਂ ਲਈ ਵਿਸ਼ੇਸ਼ ਸਮਰ ਕੈਂਪ 7 ਜੂਨ ਤੋਂ 12 ਜੂਨ ਤੱਕ ਹਰ ਰੋਜ਼ ਸਵੇਰੇ 8:00 ਵਜੇ ਤੋਂ 10:00 ਵਜੇ ਤੱਕ ਗੁਰਦੁਆਰਾ ਸਹੀਦ ਬਾਬਾ ਸੁੱਧਾ ਸਿੰਘ ਜੀ ਵਿਖੇ ਲਗਾਇਆ ਜਾ ਰਿਹਾ ਹੈ ! ਇਹ

ਆਵਾਜ਼ਿ ਕੌਮ AWAZE QAUM International Newspaper & WEB TV

ਕੈਂਪ ਸਮੇਂ ਦੀ ਮੁੱਖ ਲੋੜ ਹੈ ਤਾਂ ਕਿ ਸਾਡੇ ਬੱਚੇ ਚੰਗੀ ਸੰਗਤ ਅਤੇ ਚੰਗੀ ਸਿੱਖ ਮਤਿ ਹਾਸਲ ਕਰਕੇ ਆਪਣੇ ਜੀਵਨ ਨੂੰ ਸੁਚੱਜੇ ਢੰਗ ਨਾਲ ਬਤੀਤ ਕਰਨ ! ਇਸ ਕੈਂਪ ਵਿੱਚ ਬੱਚਿਆਂ ਨੂੰ ਗੁਰ ਇਤਿਹਾਸ,ਸਿੱਖ ਇਤਿਹਾਸ, ਰਹਿਤ ਮਰਯਾਦਾ,ਨੈਤਿਕ ਕਦਰਾਂ-ਕੀਮਤਾਂ ਆਦਿ ਬਾਰੇ ਦੱਸਿਆ ਜਾਵੇਗਾ ਇਸ ਲਈ ਆਓ ਬੱਚਿਆਂ ਨੂੰ ਗਰਮੀਆਂ ਦੀਆਂ ਹੋਈਆਂ ਛੁੱਟੀਆਂ ਨੂੰ ਵਧੀਆ ਢੰਗ ਨਾਲ ਬਤੀਤ ਕਰਨ ਲਈ ਆਪਣੇ ਬੱਚਿਆਂ ਨੂੰ ਗੁਰਮਤਿ ਨਾਲ ਜੋੜ ਕੇ, ਗੁਰਮਤਿ ਦੇ ਰੰਗ ਵਿੱਚ ਰੰਗੀਏ ਅਤੇ ਚੰਗੇ ਸੰਸਕਾਰੀ ਬਣਾਉਣ ਦਾ ਯਤਨ ਕਰੀਏ।" ਵਧੇਰੇ ਜਾਣਕਾਰੀ ਹਾਸਲ ਕਰਨ ਲਈ ਮੋਬਾਇਲ ਨੰਬਰ: 99147-19780 ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਅੱਗ ਦੇ ਕਾਂਡ ਦੀਆਂ ਤ੍ਰਾਸਦੀਆਂ, ਲਾਪਰਵਾਹੀਆਂ ਅਤੇ ਸੁਰੱਖਿਆ ਲਈ ਯਤਨ

**ਦਿੱਲੀ** ਦੇ ਮਾਲਵੀਆ ਨਗਰ ਵਿੱਚ ਵਾਪਰੀ ਤਾਜ਼ਾ ਅੱਗ ਦੀ ਘਟਨਾ ਨੇ ਇੱਕ ਵਾਰ ਫਿਰ ਉਹੀ ਪੁਰਾਣਾ ਪਰ ਬੇਹੱਦ ਮਹੱਤਵਪੂਰਨ ਸਵਾਲ ਦੇਸ਼ ਦੇ ਸਾਹਮਣੇ ਖੜ੍ਹਾ ਕਰ ਦਿੱਤਾ ਹੈ—ਕੀ ਅਸੀਂ ਵੱਡੀਆਂ ਤ੍ਰਾਸਦੀਆਂ ਤੋਂ ਸੱਚਮੁੱਚ ਕੁਝ ਸਿੱਖਦੇ ਹਾਂ ਜਾਂ ਹਰ ਘਟਨਾ ਤੋਂ ਬਾਅਦ ਕੁਝ ਦਿਨ ਦੁੱਖ ਮਨਾਉਣ, ਜਾਂਚਾਂ ਦੀ ਮੰਗ ਕਰਨ ਅਤੇ ਸਖ਼ਤ ਕਾਰਵਾਈ ਦੇ ਬਿਆਨ ਸੁਣਨ ਤੋਂ ਬਾਅਦ ਮੁੜ ਪਹਿਲਾਂ ਵਾਲੇ ਹਾਲਾਤਾਂ ਵਿੱਚ ਵਾਪਸ ਚਲੇ ਜਾਂਦੇ ਹਾਂ? ਹਰ ਵੱਡੇ ਅਗਨੀ ਕਾਂਡ ਤੋਂ ਬਾਅਦ ਇੱਕੋ

ਆਵਾਜ਼ਿ ਕੌਮ AWAZE QAUM International Newspaper & WEB TV

ਜਿਹੇ ਸਵਾਲ ਪੁੱਛੇ ਜਾਂਦੇ ਹਨ—ਅੱਗ ਕਿਵੇਂ ਲੱਗੀ, ਜ਼ਿੰਮੇਵਾਰ ਕੌਣ ਸੀ, ਸੁਰੱਖਿਆ ਪ੍ਰਬੰਧ ਕਿੱਥੇ ਫੇਲ੍ਹ ਹੋਏ, ਨਿਯਮ ਕਿਉਂ ਨਹੀਂ ਲਾਗੂ ਹੋਏ—ਪਰ ਅਸਲ ਸਵਾਲ ਇਹ ਹੈ ਕਿ ਕੀ ਸਾਡਾ ਸਿਸਟਮ ਇਨ੍ਹਾਂ ਤ੍ਰਾਸਦੀਆਂ ਤੋਂ ਕੋਈ ਸਥਾਈ ਸਬਕ ਲੈਣ ਲਈ ਤਿਆਰ ਹੈ?

ਅੱਗ ਆਪਣੇ ਆਪ ਵਿੱਚ ਕੋਈ ਅਸਧਾਰਨ ਘਟਨਾ ਨਹੀਂ। ਇਹ ਮਨੁੱਖੀ ਜੀਵਨ ਦਾ ਹਿੱਸਾ ਹੈ। ਪਰ ਜਦੋਂ ਅੱਗ ਲਾਪਰਵਾਹੀ, ਗੈਰ-ਕਾਨੂੰਨੀ ਨਿਰਮਾਣ, ਕਮਜ਼ੋਰ ਪ੍ਰਸ਼ਾਸਨ, ਭ੍ਰਿਸ਼ਟਾਚਾਰ ਅਤੇ ਸੁਰੱਖਿਆ ਨਿਯਮਾਂ ਦੀ ਅਣਦੇਖੀ ਨਾਲ ਮਿਲਦੀ ਹੈ ਤਾਂ ਇਹ ਇੱਕ ਵੱਡੀ ਤਬਾਹੀ ਬਣ ਜਾਂਦੀ ਹੈ। ਭਾਰਤ ਪਿਛਲੇ ਤਿੰਨ ਦਹਾਕਿਆਂ ਦੌਰਾਨ ਦੁਨੀਆ ਦੇ ਸਭ ਤੋਂ ਤੇਜ਼ੀ ਨਾਲ ਸ਼ਹਿਰੀਕਰਨ ਕਰਦੇ ਦੇਸ਼ਾਂ ਵਿੱਚੋਂ ਇੱਕ ਬਣਿਆ ਹੈ। ਬਹੁ-ਮੰਜ਼ਿਲਾ ਇਮਾਰਤਾਂ, ਵੱਡੇ ਮਾਲ, ਹਸਪਤਾਲ, ਕੋਚਿੰਗ ਸੈਂਟਰ, ਹੋਟਲ, ਫੈਕਟਰੀਆਂ ਅਤੇ ਵਪਾਰਕ ਕੰਪਲੈਕਸ ਤੇਜ਼ੀ ਨਾਲ ਵਧੇ ਹਨ, ਪਰ ਸੁਰੱਖਿਆ ਦੇ ਮਾਪਦੰਡ ਉਸੇ ਗਤੀ ਨਾਲ ਮਜ਼ਬੂਤ ਨਹੀਂ ਹੋਏ। ਨਤੀਜੇ ਵਜੋਂ ਵਿਕਾਸ ਦੇ ਨਾਲ ਖ਼ਤਰੇ ਵੀ ਵਧਦੇ ਗਏ।

ਅੱਗ ਨਾਲ ਜੁੜੇ ਅੰਕੜੇ ਚਿੰਤਾਜਨਕ ਹਨ। ਵੱਖ-ਵੱਖ ਸਰਕਾਰੀ ਅਤੇ ਖੋਜ ਰਿਪੋਰਟਾਂ ਅਨੁਸਾਰ ਭਾਰਤ ਵਿੱਚ ਹਰ ਸਾਲ ਹਜ਼ਾਰਾਂ ਲੋਕ ਅੱਗ ਨਾਲ ਜੁੜੀਆਂ ਘਟਨਾਵਾਂ ਵਿੱਚ ਮਰਦੇ ਹਨ। ਰਾਸ਼ਟਰੀ ਅਪਰਾਧ ਰਿਕਾਰਡ ਦੇ ਅੰਕੜੇ ਇਹ ਸੰਕੇਤ ਦਿੰਦੇ ਹਨ ਕਿ ਹਰ ਸਾਲ ਲਗਭਗ 12 ਤੋਂ 15 ਹਜ਼ਾਰ ਦੇ ਵਿਚਕਾਰ ਲੋਕ ਅੱਗ ਨਾਲ ਸੰਬੰਧਿਤ ਘਟਨਾਵਾਂ ਵਿੱਚ ਜਾਨ ਗੁਆਉਂਦੇ ਹਨ। ਇਸ ਤੋਂ ਇਲਾਵਾ ਹਜ਼ਾਰਾਂ ਲੋਕ ਜ਼ਖ਼ਮੀ ਹੁੰਦੇ ਹਨ, ਲੱਖਾਂ ਕਰੋੜ ਰੁਪਏ ਦੀ ਸੰਪਤੀ ਦਾ ਨੁਕਸਾਨ ਹੁੰਦਾ ਹੈ ਅਤੇ ਅਣਗਿਣਤ ਪਰਿਵਾਰ ਲੰਬੇ ਸਮੇਂ ਲਈ ਸਮਾਜਿਕ ਅਤੇ ਆਰਥਿਕ ਸੰਕਟ ਵਿੱਚ ਫਸ ਜਾਂਦੇ ਹਨ। ਚਿੰਤਾ ਦੀ ਗੱਲ ਇਹ ਹੈ ਕਿ ਮਾਹਿਰਾਂ ਦਾ ਮੰਨਣਾ ਹੈ ਕਿ ਅਸਲ ਗਿਣਤੀ ਇਸ ਤੋਂ ਵੀ ਵੱਧ ਹੋ ਸਕਦੀ ਹੈ ਕਿਉਂਕਿ ਕਈ ਘਟਨਾਵਾਂ ਪੂਰੀ ਤਰ੍ਹਾਂ ਦਰਜ ਹੀ ਨਹੀਂ ਹੁੰਦੀਆਂ।

ਪਿਛਲੇ ਤਿੰਨ ਦਹਾਕਿਆਂ ਦੇ ਵੱਡੇ ਅਗਨੀ ਕਾਂਡਾਂ ਵੱਲ ਨਜ਼ਰ ਮਾਰੀਏ ਤਾਂ ਇੱਕ ਪੈਟਰਨ ਨਜ਼ਰ ਆਉਂਦਾ ਹੈ। 1997 ਦਾ ਉਪਹਾਰ ਸਿਨੇਮਾ ਕਾਂਡ ਭਾਰਤੀ ਇਤਿਹਾਸ ਦੀਆਂ ਸਭ ਤੋਂ ਵੱਡੀਆਂ ਅੱਗ ਦੀਆਂ ਤ੍ਰਾਸਦੀਆਂ ਵਿੱਚੋਂ ਇੱਕ ਮੰਨਿਆ ਜਾਂਦਾ ਹੈ। ਲੋਕ ਮਨੋਰੰਜਨ ਲਈ ਗਏ ਸਨ ਪਰ ਕੁਝ ਹੀ ਮਿੰਟਾਂ ਵਿੱਚ ਬੰਦ ਐਮਰਜੈਂਸੀ ਦਰਵਾਜ਼ੇ, ਧੂੰਏਂ ਦਾ ਫੈਲਾਅ ਅਤੇ ਕਮਜ਼ੋਰ ਪ੍ਰਬੰਧ ਉਨ੍ਹਾਂ ਦੀ ਮੌਤ ਦਾ ਕਾਰਨ ਬਣੇ। ਇਸ ਘਟਨਾ ਤੋਂ ਬਾਅਦ ਫਾਇਰ ਸੇਫਟੀ ਨਿਯਮਾਂ ਨੂੰ ਮਜ਼ਬੂਤ ਕਰਨ ਦੀ ਗੱਲ ਹੋਈ, ਪਰ ਬਾਅਦ ਦੀਆਂ ਘਟਨਾਵਾਂ ਨੇ ਦੱਸ ਦਿੱਤਾ ਕਿ ਕਾਨੂੰਨ ਬਣਾਉਣਾ ਅਤੇ ਉਹਨਾਂ ਨੂੰ ਲਾਗੂ ਕਰਨਾ ਦੋ ਵੱਖਰੀਆਂ ਗੱਲਾਂ ਹਨ।



2004 ਵਿੱਚ ਇੱਕ ਸਕੂਲ ਵਿੱਚ ਵਾਪਰੀ ਭਿਆਨਕ ਤ੍ਰਾਸਦੀ ਨੇ ਦੇਸ਼ ਨੂੰ ਝੰਝੋੜ ਦਿੱਤਾ। 90 ਤੋਂ ਵੱਧ ਬੱਚਿਆਂ ਦੀ ਮੌਤ ਨੇ ਇਹ ਸਵਾਲ ਪੁੱਛਿਆ ਕਿ ਜੇਕਰ ਸਕੂਲ ਵੀ ਸੁਰੱਖਿਅਤ ਨਹੀਂ ਹਨ ਤਾਂ ਫਿਰ ਭਵਿੱਖ ਕਿੱਥੇ ਸੁਰੱਖਿਅਤ ਹੈ? ਛੋਟੀਆਂ ਗਲੀਆਂ, ਘੱਟ ਨਿਕਾਸ, ਜਲਣਸ਼ੀਲ ਢਾਂਚੇ ਅਤੇ ਅਣਤਿਆਰੀ ਨੇ ਸਾਬਤ ਕੀਤਾ ਕਿ ਸੁਰੱਖਿਆ ਨੂੰ ਅਕਸਰ ਤਰਜੀਹ ਹੀ ਨਹੀਂ ਦਿੱਤੀ ਜਾਂਦੀ।

2011 ਵਿੱਚ ਹਸਪਤਾਲ ਵਿੱਚ ਹੋਈ ਅੱਗ ਨੇ ਦਰਸਾਇਆ ਕਿ ਜਿੱਥੇ ਲੋਕ ਜ਼ਿੰਦਗੀ ਬਚਾਉਣ ਜਾਂਦੇ ਹਨ, ਉੱਥੇ ਵੀ ਸੁਰੱਖਿਆ ਕਮਜ਼ੋਰ ਹੋ ਸਕਦੀ ਹੈ। ਹਸਪਤਾਲਾਂ ਵਿੱਚ ਆਕਸੀਜਨ ਸਿਸਟਮ, ਬਿਜਲੀ ਉਪਕਰਣ, ਮਸ਼ੀਨਰੀ ਅਤੇ ਸੀਮਿਤ ਹਿਲਜੁਲ ਵਾਲੇ ਮਰੀਜ਼ ਖ਼ਤਰੇ ਨੂੰ ਕਈ ਗੁਣਾ ਵਧਾ ਦਿੰਦੇ ਹਨ। ਫਿਰ ਵੀ ਕਈ ਥਾਵਾਂ 'ਤੇ ਅੱਜ ਵੀ ਫਾਇਰ ਅਲਾਰਮ, ਸਪ੍ਰਿੰਕਲਰ ਅਤੇ ਐਮਰਜੈਂਸੀ ਨਿਕਾਸ ਸਿਸਟਮ ਅਧੂਰੇ ਹਨ।

ਮੁੰਬਈ, ਦਿੱਲੀ ਅਤੇ ਹੋਰ ਮਹਾਨਗਰਾਂ ਵਿੱਚ ਵਾਪਰੇ ਵਪਾਰਕ ਅਗਨੀ ਕਾਂਡ ਇਹ ਵੀ ਦੱਸਦੇ ਹਨ ਕਿ ਗੈਰ-ਕਾਨੂੰਨੀ ਨਿਰਮਾਣ, ਓਵਰਲੋਡ ਬਿਜਲੀ ਪ੍ਰਣਾਲੀਆਂ, ਰੂਫਟਾਪ ਢਾਂਚੇ ਅਤੇ ਨਿਯਮਾਂ ਦੀ ਅਣਦੇਖੀ ਕਿਸ ਤਰ੍ਹਾਂ ਵੱਡੇ ਖ਼ਤਰੇ ਪੈਦਾ ਕਰਦੀ ਹੈ। ਦਿੱਲੀ ਦੇ ਅਨਾਜ ਮੰਡੀ, ਕਰੋਲ ਬਾਗ, ਮੁੰਡਕਾ ਅਤੇ ਹੋਰ ਕਈ ਹਾਦਸਿਆਂ ਵਿੱਚ ਇੱਕ ਗੱਲ ਸਾਂਝੀ ਨਜ਼ਰ ਆਉਂਦੀ ਹੈ—ਸਮੱਸਿਆ ਸਿਰਫ਼ ਅੱਗ ਨਹੀਂ, ਸਗੋਂ ਲਾਪਰਵਾਹੀ ਸੀ।

ਪੰਜਾਬ ਦੀ ਸਥਿਤੀ ਵੀ ਵੱਖਰੀ ਨਹੀਂ ਹੈ। ਰਾਜ ਵਿੱਚ ਵੱਡੀ ਗਿਣਤੀ ਵਿੱਚ ਛੋਟੀਆਂ ਫੈਕਟਰੀਆਂ, ਨਿੱਜੀ ਸਕੂਲ, ਕੋਚਿੰਗ ਸੈਂਟਰ ਅਤੇ ਵਪਾਰਕ ਕੰਪਲੈਕਸ ਮੌਜੂਦ ਹਨ। ਕਈ ਪਿੰਡਾਂ ਅਤੇ ਛੋਟੇ ਸ਼ਹਿਰਾਂ ਵਿੱਚ ਤੰਗ ਗਲੀਆਂ, ਗੈਰ-ਕਾਨੂੰਨੀ ਪਾਰਕਿੰਗ ਅਤੇ ਬਿਨਾਂ ਯੋਜਨਾ ਦੇ ਬਣੀਆਂ ਇਮਾਰਤਾਂ ਬਚਾਅ ਕਾਰਜ ਨੂੰ ਮੁਸ਼ਕਲ ਬਣਾ ਸਕਦੀਆਂ ਹਨ। ਇਹ ਇੱਕ ਅਜਿਹਾ ਖ਼ਤਰਾ ਹੈ ਜਿਸ ਬਾਰੇ ਅਕਸਰ ਤਦ ਤੱਕ ਗੱਲ ਨਹੀਂ ਹੁੰਦੀ ਜਦ ਤੱਕ ਕੋਈ ਵੱਡੀ ਤ੍ਰਾਸਦੀ ਨਾ ਵਾਪਰੇ।

ਕਾਨੂੰਨੀ ਪੱਖ ਵੇਖੀਏ ਤਾਂ ਭਾਰਤ ਵਿੱਚ ਕਾਨੂੰਨਾਂ ਦੀ ਘਾਟ ਨਹੀਂ ਹੈ। ਨੈਸ਼ਨਲ ਬਿਲਡਿੰਗ ਕੋਡ, ਫਾਇਰ ਸੇਫਟੀ ਨਿਯਮ, ਮਿਊਂਸਪਲ ਕਾਨੂੰਨ, ਫੈਕਟਰੀ ਐਕਟ ਅਤੇ ਹੋਰ ਕਈ ਪ੍ਰਬੰਧ ਪਹਿਲਾਂ ਤੋਂ ਮੌਜੂਦ ਹਨ। ਸਮੱਸਿਆ ਕਾਨੂੰਨਾਂ ਦੀ ਨਹੀਂ, ਉਨ੍ਹਾਂ ਦੀ ਲਾਗੂ ਕਰਨ ਦੀ ਹੈ। ਕਈ ਇਮਾਰਤਾਂ ਸਿਰਫ਼ ਕਾਗਜ਼ਾਂ ਵਿੱਚ ਸੁਰੱਖਿਅਤ ਹੁੰਦੀਆਂ ਹਨ, ਜਦਕਿ ਅਸਲੀ ਹਾਲਾਤ ਬਿਲਕੁਲ ਵੱਖ ਹੁੰਦੇ ਹਨ।

ਫਾਇਰ ਐਨਓਸੀ ਪ੍ਰਣਾਲੀ ਵੀ ਕਈ ਸਵਾਲ ਖੜ੍ਹੇ ਕਰਦੀ ਹੈ। ਕਈ ਵਾਰ ਇੱਕ ਵਾਰ ਮਨਜ਼ੂਰੀ ਮਿਲਣ ਤੋਂ ਬਾਅਦ ਸਾਲਾਂ ਤੱਕ ਜਾਂਚ ਨਹੀਂ ਹੁੰਦੀ। ਕਈ ਇਮਾਰਤਾਂ ਮਨਜ਼ੂਰ ਨਕਸ਼ੇ ਤੋਂ ਵੱਖ ਬਣ ਜਾਂਦੀਆਂ ਹਨ। ਪਾਰਕਿੰਗ ਨੂੰ ਦੁਕਾਨਾਂ ਵਿੱਚ ਬਦਲ ਦਿੱਤਾ ਜਾਂਦਾ ਹੈ। ਐਮਰਜੈਂਸੀ ਰਸਤੇ ਸਟੋਰ ਰੂਮ ਬਣ ਜਾਂਦੇ ਹਨ। ਨਤੀਜੇ ਵਜੋਂ ਸੁਰੱਖਿਆ ਪ੍ਰਣਾਲੀ ਹੌਲੀ-ਹੌਲੀ ਕਾਗਜ਼ਾਂ ਤੱਕ ਸੀਮਿਤ ਰਹਿ ਜਾਂਦੀ ਹੈ।

ਸਜ਼ਾਵਾਂ ਦੀ ਗੱਲ ਕਰੀਏ ਤਾਂ ਕਈ ਵੱਡੇ ਮਾਮਲਿਆਂ ਵਿੱਚ ਨਿਆਂ ਮਿਲਣ ਵਿੱਚ ਸਾਲਾਂ ਲੱਗ ਜਾਂਦੇ ਹਨ। ਜਦੋਂ ਸਜ਼ਾ ਦੇਰ ਨਾਲ ਮਿਲਦੀ ਹੈ ਤਾਂ ਉਸ ਦਾ ਡਰ ਘਟ ਜਾਂਦਾ ਹੈ। ਇਸ ਲਈ ਫਾਇਰ ਸੇਫਟੀ ਨਾਲ ਜੁੜੇ ਮਾਮਲਿਆਂ ਲਈ ਫਾਸਟ ਟਰੈਕ ਪ੍ਰਣਾਲੀ ਅਤੇ ਜਵਾਬਦੇਹੀ ਨੂੰ ਮਜ਼ਬੂਤ ਕਰਨ ਦੀ ਲੋੜ ਮਹਿਸੂਸ ਹੁੰਦੀ ਹੈ।

ਹੱਲਾਂ ਦੀ ਗੱਲ ਕਰੀਏ ਤਾਂ ਸਭ ਤੋਂ ਪਹਿਲਾਂ ਨਿਯਮਿਤ ਫਾਇਰ ਆਡਿਟ ਲਾਜ਼ਮੀ ਬਣਾਉਣੇ ਪੈਣਗੇ। ਹਰ ਸਕੂਲ, ਹਸਪਤਾਲ, ਹੋਟਲ, ਫੈਕਟਰੀ ਅਤੇ ਵਪਾਰਕ ਇਮਾਰਤ ਦੀ ਨਿਰਧਾਰਿਤ ਸਮੇਂ 'ਤੇ ਜਾਂਚ ਹੋਣੀ ਚਾਹੀਦੀ ਹੈ। ਦੂਜਾ, ਮੌਕ ਡ੍ਰਿਲ ਨੂੰ ਸਿਰਫ਼ ਕਾਗਜ਼ੀ ਕਾਰਵਾਈ ਨਾ ਬਣਾਇਆ ਜਾਵੇ। ਲੋਕਾਂ ਨੂੰ ਅਸਲ ਅਭਿਆਸ ਦੀ ਲੋੜ ਹੈ।

ਤੀਜਾ, ਸੁਰੱਖਿਆ ਸਿੱਖਿਆ ਨੂੰ ਸਕੂਲੀ ਪੱਧਰ ਤੋਂ ਲਿਆਉਣ ਦੀ ਲੋੜ ਹੈ। ਬੱਚਿਆਂ ਨੂੰ ਛੋਟੀ ਉਮਰ ਤੋਂ ਹੀ ਐਮਰਜੈਂਸੀ ਹਾਲਾਤਾਂ ਨਾਲ ਨਜਿੱਠਣ ਦੀ ਬੁਨਿਆਦੀ ਸਿੱਖਿਆ ਮਿਲਣੀ ਚਾਹੀਦੀ ਹੈ। ਚੌਥਾ, ਗੈਰ-ਕਾਨੂੰਨੀ ਨਿਰਮਾਣ ਲਈ ਜ਼ੀਰੋ ਟੋਲਰੈਂਸ ਦੀ ਨੀਤੀ ਲਾਗੂ ਹੋਣੀ ਚਾਹੀਦੀ ਹੈ। ਭਵਿੱਖ ਦੀ ਗੱਲ ਕਰੀਏ ਤਾਂ ਸੁਰੱਖਿਆ ਸਿਰਫ਼ ਫਾਇਰ ਬ੍ਰਿਗੇਡ ਗੱਡੀਆਂ ਵਧਾਉਣ ਨਾਲ ਨਹੀਂ ਆਵੇਗੀ। ਸਮਾਰਟ ਸੈਂਸਰ, ਡਿਜ਼ਿਟਲ ਫਾਇਰ ਰਿਸਕ ਮੈਪਿੰਗ, ਆਟੋਮੈਟਿਕ ਅਲਾਰਮ, ਸ਼ਹੀ ਸਮੇਂ ਨਿਗਰਾਨੀ ਅਤੇ ਡਾਟਾ ਅਧਾਰਿਤ ਯੋਜਨਾਬੰਦੀ ਭਵਿੱਖ ਦਾ ਹਿੱਸਾ ਬਣਨੀਆਂ ਪੈਣਗੀਆਂ।

ਅਖੀਰ ਵਿੱਚ ਸਵਾਲ ਇਹ ਨਹੀਂ ਕਿ ਅਗਲਾ ਅਗਨੀ ਕਾਂਡ ਕਿੱਥੇ ਹੋਵੇਗਾ। ਸਵਾਲ ਇਹ ਹੈ ਕਿ ਕੀ ਅਸੀਂ ਉਸ ਤੋਂ ਪਹਿਲਾਂ ਜਾਗਾਂਗੇ? ਕਿਉਂਕਿ ਪਿਛਲੇ ਤਿੰਨ ਦਹਾਕਿਆਂ ਦੀਆਂ ਤ੍ਰਾਸਦੀਆਂ ਸਾਨੂੰ ਇੱਕੋ ਗੱਲ ਸਿਖਾਉਂਦੀਆਂ ਹਨ—ਅੱਗ ਅਕਸਰ ਚਿੰਗਾਰੀ ਨਾਲ ਨਹੀਂ, ਲਾਪਰਵਾਹੀ ਨਾਲ ਵੱਡੀ ਬਣਦੀ ਹੈ। ਅਤੇ ਜਦ ਤੱਕ ਸੁਰੱਖਿਆ ਨੂੰ ਇੱਕ ਚੋਣ ਨਹੀਂ, ਸਗੋਂ ਇੱਕ ਜ਼ਰੂਰਤ ਨਹੀਂ ਮੰਨਿਆ ਜਾਂਦਾ, ਤਦ ਤੱਕ ਇਹ ਸਵਾਲ ਸਾਡੇ ਸਾਹਮਣੇ ਵਾਰ-ਵਾਰ ਖੜ੍ਹਾ ਰਹੇਗਾ।

**-ਲਾਡੀ ਜਗਤਾਰ ਮਾਨਸਾ**

### ਪਿੰਡ ਵੱਲੀਆਂ ਵਿਖੇ

# 42ਵਾਂ ਸ਼ਹੀਦੀ ਦਿਹਾੜਾ ਸ਼ਰਧਾ ਨਾਲ ਮਨਾਇਆ ਗਿਆ

















**ਫਿਰੋਜ਼ਪੁਰ 5 ਜੂਨ (ਆਵਾਜ਼ਿ ਕੌਮ ਬਿਊਰੋ)**-ਜੂਨ 1984 ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਅਤੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਵਾਪਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਨੂੰ ਯਾਦ ਕਰਦਿਆਂ ਗੁਰਦੁਆਰਾ ਪ੍ਰਉਪਕਾਰੀ ਭਾਈ ਲੱਧਾ ਜੀ ਪਿੰਡ ਵੱਲੀਆਂ ਵਿਖੇ 42ਵਾਂ ਸ਼ਹੀਦੀ ਦਿਹਾੜਾ ਮਨਾਇਆ ਗਿਆ।ਸਭ ਤੋਂ ਪਹਿਲਾਂ ਗੁਰਬਾਣੀ ਦੇ ਭੋਗ ਪਾਏ ਗਏ ਉਪਰੰਤ ਗੁਰਬਾਣੀ ਦੇ ਇਲਾਹੀ ਕੀਰਤਨ ਰਾਹੀਂ ਰਾਗੀ ਭਾਈ ਕੁਲਵੰਤ ਸਿੰਘ ਜੀ ਦੇ ਜਥੇ ਵੱਲੋਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਬੀਰ ਰਸੀ ਸ਼ਬਦ ਗਾਇਨ ਕਰ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਗੁਰਦੁਆਰਾ ਪ੍ਰਉਪਕਾਰੀ ਭਾਈ ਲੱਧਾ ਜੀ ਦੇ ਮੁੱਖ ਸੇਵਾਦਾਰ ਬਾਬਾ ਸਤਨਾਮ ਸਿੰਘ ਜੀ ਵੱਲੀਆਂ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵੀਹਵੀਂ ਸਦੀ ਦੇ ਮਹਾਨ ਸਿੱਖ ਜਰਨੈਲ ਯੋਧੇ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਜੋ ਧਰਮ ਯੁੱਧ ਮੋਰਚਾ ਵਿੱਢਿਆ ਗਿਆ ਸੀ ਉਸੇ ਤਹਿਤ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ੍ਰੀ ਦਰਬਾਰ ਸਾਹਿਬ ਜੀ ਦੀ ਮਾਣ ਮਰਿਯਾਦਾ ਬਹਾਲ ਰੱਖਦਿਆਂ ਅਨੇਕਾਂ ਮਰਜੀਵੜਿਆਂ ਅਤੇ ਸੰਤਾਂ ਨੇ ਭਾਰਤੀ ਫੌਜ ਨਾਲ ਯੁੱਧ ਕਰਦਿਆਂ ਸ਼ਹੀਦੀਆਂ ਪ੍ਰਾਪਤ ਕੀਤੀਆਂ। ਉਨ੍ਹਾਂ ਕਿਹਾ ਕਿ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਆਰੰਭਿਆ ਗਿਆ ਸੰਘਰਸ਼ ਸਾਡੇ ਹੱਕਾਂ ਦੀ ਪ੍ਰਾਪਤੀ ਤੱਕ ਜਾਰੀ ਰਹੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਜੋਗਿੰਦਰ ਸਿੰਘ ਫੱਤਣਵਾਲਾ, ਭਾਈ ਪਿੱਪਲ ਸਿੰਘ ਸਦਰਦੀਨ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਭਾਈ ਮਲਕੀਤ ਸਿੰਘ ਸ਼ਾਮ ਸਿੰਘ ਵਾਲਾ, ਭਾਈ ਸਾਹਿਬ ਸਿੰਘ ਜੰਗਾਂ ਵਾਲਾ ਮੋੜ, ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ ਕਮੇਟੀ ਦੇ ਸਰਪ੍ਰਸਤ ਭਾਈ ਲਖਬੀਰ ਸਿੰਘ ਮਹਾਲਮ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਤੇ ਬਾਬਾ ਸਤਨਾਮ ਸਿੰਘ ਵੱਲੀਆਂ ਵੱਲੋਂ ਜੂਨ 1984 ਦੇ ਘੱਲੂਘਾਰੇ ਵਿੱਚ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨਾਲ ਸ਼ਹਾਦਤ ਪ੍ਰਾਪਤ ਕਰਨ ਵਾਲੇ ਭਾਈ ਰਸਾਲ ਸਿੰਘ ਆਰਿਫ਼ ਕੇ ਦੀ ਧਰਮਪਤਨੀ ਬੀਬੀ ਜਸਵੀਰ ਕੌਰ ਅਤੇ ਉਨ੍ਹਾਂ ਦੇ ਪੁੱਤਰਾਂ ਭਾਈ ਨਿਰਮਲ ਸਿੰਘ, ਭਾਈ ਅਨੂਪ ਸਿੰਘ ਅਤੇ ਸ਼ਹੀਦ ਭਾਈ ਦੁਰਗਾ ਸਿੰਘ ਦੀ ਬੇਟੀ ਬੀਬੀ ਸੁਰਜੀਤ ਕੌਰ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪਿੰਡ ਵੱਲੀਆਂ ਦੇ ਸਰਪੰਚ ਜਗਸੀਰ ਸਿੰਘ, ਫੁੰਮਣ ਸਿੰਘ, ਸ਼ਿੰਦਰਪਾਲ ਸਿੰਘ, ਗੁਰਮੀਤ ਸਿੰਘ , ਬਲਵੀਰ ਸਿੰਘ ਆਰਿਫ਼ ਕੇ ਅਤੇ ਰਾਗੀ ਭਾਈ ਨਾਨਕ ਸਿੰਘ ਜਨੇਰ ਨੇ ਵੀ ਹਾਜ਼ਰੀ ਭਰੀ। ਇਸ ਮੌਕੇ ਭਾਈ ਸਰਬਜੀਤ ਸਿੰਘ ਵੱਲੀਆਂ ਭਾਈ ਜਰਮਨਜੀਤ ਸਿੰਘ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਛੋਲੇ ਪੂੜੀਆਂ ਦਾ ਲੰਗਰ ਅਤੇ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਗਈਆਂ। ••

"ੴ ਸਤਿਗੁਰ ਪ੍ਰਸਾਦਿ ॥"

# ਖੇਡਾਂ ਸਲੇਮ ਪੁਰ ਮਸੰਦਾ ਦੀਆਂ

ਧੰਨ-ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਚਰਨ ਸੇਵਕ

# ਬਾਬਾ ਦਾਸਾ ਜੀ ਦੇ ਸਾਲਾਨਾ ਜੋੜ ਮੇਲੇ ਤੇ

# 72ਵਾਂ ਸ਼ਾਨਦਾਰ ਵਾਲੀਵਾਲ ਅਤੇ ਕਬੱਡੀ ਟੂਰਨਾਮੈਂਟ

**24-6-2026 ਤੋਂ 28-6-2026 ਤੱਕ ਪਿੰਡ ਸਲੇਮਪੁਰ-ਮਸੰਦਾ ਵਿਖੇ ਕਰਵਾਇਆ ਜਾ ਰਿਹਾ ਹੈ ।**

ਆਪ ਜੀ ਨੂੰ ਇਹ ਜਾਣ ਕੇ ਖੁਸ਼ੀ ਹੋਵੇਗੀ ਪਿੰਡ ਸਲੇਮਪੁਰ-ਮਸੰਦਾ ਵਿਖੇ ਪਿਛਲੇ ਸਾਲਾ ਦੀ ਤਰ੍ਹਾਂ ਕਬੱਡੀ ਅਤੇ ਵਾਲੀਵਾਲ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ । ਜਿਹੜਾ 24-6-2026 ਤੋਂ 28-6-2026 ਦਿਨ ਬੁੱਧਵਾਰ, ਵੀਰਵਾਰ, ਸ਼ੁੱਕਰਵਾਰ, ਸ਼ਨੀਵਾਰ ਅਤੇ ਐਤਵਾਰ ਨੂੰ ਹੋ ਰਿਹਾ ਹੈ । ਸਾਰੇ ਇਲਾਕੇ ਦੇ ਖਿਡਾਰੀਆਂ ਅੱਗੇ ਅਪੀਲ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਟੀਮਾਂ ਭੇਜ ਕੇ ਮੇਲੇ ਦੀ ਰੌਣਕ ਨੂੰ ਵਧਾਓ ਜੀ ।

## ਪ੍ਰੋਗਰਾਮ

**ਦਿਨ ਸ਼ਨੀਵਾਰ 27 ਜੂਨ 2026 ਮੁਤਾਬਿਕ 13 ਹਾੜ**

ਆਰੰਭ ਸ੍ਰੀ ਅਖੰਡ ਪਾਠ ਸਾਹਿਬ........................................10.00 ਵਜੇ ਸਵੇਰੇ

**ਦਿਨ ਸੋਮਵਾਰ 29 ਜੂਨ 2026 ਮੁਤਾਬਿਕ 15 ਹਾੜ**

ਭੋਗ ਸ੍ਰੀ ਅਖੰਡ ਪਾਠ ਸਾਹਿਬ..............................9.00 ਵਜੇ ਸਵੇਰੇ ਉਪਰੰਤ 3 ਵਜੇ ਤੱਕ ਦਿਵਾਨ ਸਜੇਗਾ ।

ਆਵਾਜ਼ਿ ਕੌਮ AWAZE QAUM International Newspaper & WEB TV

**ਇਸ ਸ਼ੁਭ ਅਵਸਰ ਤੇ ਢਾਡੀ ਜੱਥਾ ਮੇਜਰ ਸਿੰਘ ਹੀਰਾ, ਢਾਡੀ ਜੱਥਾ ਸੁਖਵਿੰਦਰ ਸਿੰਘ ਅਨਮੋਲ ਸੰਗਤਾਂ ਨੂੰ ਨਿਹਾਲ ਕਰਨਗੇ ।**

27-28 ਜੂਨ ਸ਼ਾਮ 7-00 ਵਜੇ ਤੋਂ 9-00 ਵਜੇ ਤੱਕ ਭਾਈ ਸੁਲੱਖਣ ਸਿੰਘ ਮਾਹੀਵਾੜਾ ਸਾਹਿਬ ਵਾਲੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ ।
ਸਲੇਮਪੁਰ ਤੇ ਪਰਾਗਪੁਰ ਵਾਲੀਆਂ ਬੀਬੀਆਂ ਦਾ ਜੱਥਾ 24 ਜੂਨ ਤੋਂ 28 ਜੂਨ ਤੱਕ ਸਵੇਰੇ 6-00 ਵਜੇ ਤੋਂ 8-00 ਵਜੇ ਤੱਕ ਸੁਖਮਨੀ ਸਾਹਿਬ ਦੇ ਜਾਪ ਕਰਨਗੇ ।

## ਇਸ ਟੂਰਨਾਮੈਂਟ ਵਿਚ ਹੇਠ ਲਿਖੀਆਂ ਖੇਡਾਂ ਹੋਣਗੀਆਂ

### ਕਬੱਡੀ ਮੁਕਾਬਲੇ

| | ਐਂਟਰੀ | ਪਹਿਲਾਂ ਇਨਾਮ | ਦੂਸਰਾ ਇਨਾਮ |
|---|---|---|---|
| ਸੱਦੀਆ ਹੋਇਆ 8 ਕਲੱਬਾ | 28 ਜੂਨ 1 ਵਜੇ ਤੋਂ | 111000/- | 81000/- |
| 75 ਕਿਲੋ ਕਲੱਬ | 27 ਜੂਨ 12 ਵਜੇ ਤੱਕ | 55000/- | 45000/- |
| 65 ਕਿਲੋ | 27 ਜੂਨ 8 ਵਜੇ ਤੱਕ | 45000/- | 35000/- |
| 55 ਕਿਲੋ | 26 ਜੂਨ 8 ਵਜੇ ਤੱਕ | 30000/- | 25000/- |
| 45 ਕਿਲੋ | 25 ਜੂਨ 8 ਵਜੇ ਤੱਕ | 20000/- | 15000/- |

27 ਜੂਨ ਨੂੰ 75 ਕਿਲੋ ਕਬੱਡੀ ਦਾ ਇੱਕ ਰਾਉਂਡ ਖਡਾਇਆ ਜਾਵੇਗਾ ।

ਨੋਟ-ਹਰੇਕ ਟੀਮ ਵਿੱਚ 2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।

### ਵਾਲੀਵਾਲ ਮੁਕਾਬਲੇ

ਓਪਨ ਪਿੰਡ ਪੱਧਰ 28 ਜੂਨ

| ਪਹਿਲਾ ਇਨਾਮ | ਦੂਜਾ ਇਨਾਮ | ਤੀਜਾ ਇਨਾਮ | ਚੌਥਾ ਇਨਾਮ |
|---|---|---|---|
| 41000/- | 31000/- | 15000/- | 10000/- |

ਨੋਟ-2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।

12 ਵਜੇ ਤੋਂ ਬਾਅਦ ਕੋਈ ਵੀ ਟੀਮ ਐਂਟਰ ਨਹੀਂ ਕੀਤੀ ਜਾਵੇਗੀ । ਪਹਿਲੀਆ 16 ਟੀਮਾਂ ਐਂਟਰ ਕੀਤੀਆ ਜਾਣਗੀਆ ।

ਮਿਤੀ 29 ਜੂਨ 2026 ਦਿਨ ਸੋਮਵਾਰ ਨੂੰ ਕੁਸ਼ਤੀਆਂ ਦੇ ਮੁਕਾਬਲੇ ਸ਼ਾਮ 4 ਵਜੇ ਕਰਵਾਏ ਜਾਣਗੇ । ਪੰਦਰੇ ਦੀ ਕੁਸ਼ਤੀ ਗਗਨ ਖਖਾਨਾ ਅਤੇ ਇਕਬਾਲ ਇਲਾਲ ਵਿਚ ਹੋਵੇਗੀ । ਛੋਟੇ ਛੋਟੇ ਅਖਾੜਿਆ ਦੀਆਂ ਕੁਸ਼ਤੀਆ ਕਰਵਾਇਆ ਜਾਣਗੀਆ ।


ਓਪਨ ਕਲੱਬ ਕਬੱਡੀ ਦੇ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਇਕਲ ਦਿੱਤੇ ਜਾਣਗੇ ।


75 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਇਕਲ ਦਿੱਤੇ ਜਾਣਗੇ ।



65 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਇਕਲ ਦਿੱਤੇ ਜਾਣਗੇ ।

55 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ 11000-11000 ਹਜ਼ਾਰ ਰੁਪਏ ਦਿੱਤੇ ਜਾਣਗੇ । 45 ਕਿਲੋ ਬੈਸਟ ਰੇਡਰ ਤੇ ਜਾਫੀ ਨੂੰ 5100-5100 ਰੁਪਏ ਦਿੱਤੇ ਜਾਣਗੇ ।


24 ਜੂਨ ਦਿੱਨ ਬੁੱਧਵਾਰ ਦਸਤਾਰ ਮੁਕਾਬਲੇ 10 ਵਜੇ ਕਰਵਾਏ ਜਾਣਗੇ । ਉਮਰ 15 ਸਾਲ ਤੱਕ ਪਹਿਲਾ ਇਨਾਮ-5100, ਦੂਜਾ ਇਨਾਮ-4100, ਤੀਜਾ ਇਨਾਮ-3100 ਰੁਪਏ ਦਿੱਤੇ ਜਾਣਗੇ । ਉਮਰ 21 ਸਾਲ ਤੱਕ ਪਹਿਲਾ ਇਨਾਮ-7100, ਦੂਜਾ ਇਨਾਮ-6100 ਰੁਪਏ ਦਿੱਤੇ ਜਾਣਗੇ ।


24 ਜੂਨ ਦਿੱਨ ਬੁੱਧਵਾਰ ਨੂੰ ਦੁਪਹਿਰ 2 ਵਜੇ ਬਲਦਾ ਦੇ ਹੱਲਟ ਮੁਕਾਬਲੇ ਕਰਵਾਏ ਜਾਣਗੇ । ਪਹਿਲਾ ਇਨਾਮ-


ਦੂਸਰਾ ਇਨਾਮ-20000, ਤੀਜਾ ਇਨਾਮ-15000, ਚੌਥਾ ਇਨਾਮ-11000, ਪੰਜਵਾ ਇਨਾਮ -10000 ਰੁਪਏ ਹਰੇਕ ਦੌੜਣ ਵਾਲੀ ਜੋੜੀ ਨੂੰ 3100-3100 ਰੁਪਏ ਦਿੱਤੇ ਜਾਣਗੇ ।


ਬੈਸਟ ਵਾਲੀਵਾਲ ਖਿਡਾਰੀ ਫਾਈਨਲ 11000 ਰੁਪਏ ਤੀਜੇ ਤੇ ਚੌਥੇ ਵਿਚੋ ਬੈਸਟ 5100 ਰੁਪਏ


### ਜੌਹਲ ਹਸਪਤਾਲ

ਵਲੋਂ ਖਿਡਾਰੀਆ ਅਤੇ ਬਾਹਰੋ ਆਏ ਦਰਸ਼ਕਾ ਨੂੰ ਫਰੀ ਮੈਡੀਕਲ ਸਹਾਇਤਾ ਦਿੱਤੀ ਜਾਵੇਗੀ ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ ।**

**ਨੋਟ : ਇਹ ਕਬੱਡੀ ਟੂਰਨਾਮੈਂਟ ਗੁਰਦੁਆਰਾ ਬਾਬਾ ਦਾਸਾ ਜੀ ਦੇ ਅਸਥਾਨ ਦੇ ਨਜਦੀਕ ਕਰਵਾਇਆ ਜਾਵੇਗਾ ।**

ਜ਼ਰੂਰੀ ਸ਼ਰਤਾ : 1. ਕੋਈ ਵੀ ਖਿਡਾਰੀ ਤੇਲ ਅਤੇ ਵੈਸਲੀਨ ਵਗੈਰਾ ਸਰੀਰ ਉੱਤੇ ਲਾਕੇ ਨਹੀਂ ਖੇਡ ਸਕਦਾ । 2. ਪੰਜ ਖਿਡਾਰੀਆ ਤੋਂ ਘੱਟ ਖਿਡਾਰੀ ਹੋਣ ਦੀ ਸੂਰਤ ਵਿੱਚ ਨੰਬਰ ਵਿਰੋਧੀ ਟੀਮ ਨੂੰ ਦਿੱਤੇ ਜਾਣਗੇ । 3. ਹਰੇਕ ਟੀਮ ਦਾ ਭਾਰ ਇਕ ਵਾਰੀ ਤੋਲਿਆ ਜਾਵੇਗਾ ਤੇ ਜੇ ਕੋਈ ਟੀਮ ਇਤਰਾਜ ਕਰਦੀ ਹੈ ਤਾਂ ਖਿਡਾਰੀ ਦਾ ਭਾਰ ਦੁਆਰਾ ਤੋਲਿਆ ਜਾਵੇਗਾ । 4. ਜਿਹੜੀਆ ਵੀ ਟੀਮਾਂ ਆਪਸ ਵਿੱਚ ਰੱਲ ਕੇ ਖੇਡਣਗੀਆਂ ਉਹਨਾਂ ਨੂੰ ਟੂਰਨਾਮੈਂਟ ਵਿਚੋ ਬਾਹਰ ਕੱਢ ਦਿੱਤਾ ਜਾਵੇਗਾ । 5. ਹਰੇਕ ਖਿਡਾਰੀ ਆਪਣੇ 2 ਪਛਾਣ ਪੱਤਰ ਨਾਲ ਲੈਕੇ ਆਵੇ । 6. ਕੋਈ ਵੀ ਖਿਡਾਰੀ ਨਸ਼ਾ ਕਰਕੇ ਨਹੀਂ ਖੇਡ ਸਕਦਾ । 7. ਬਾਕੀ ਸ਼ਰਤਾਂ ਮੌਕੇ ਤੇ ਦੱਸੀਆਂ ਜਾਣਗੀਆ । 8. ਕਿਸੇ ਵੀ ਕਿਸਮ ਦੇ ਝਗੜਾ ਜਾਂ ਇਤਰਾਜ ਤੇ ਆਖਰੀ ਫੈਸਲਾ ਬਾਬਾ ਦਾਸਾ ਜੀ ਮੈਨੇਜਮੈਂਟ ਕਮੇਟੀ ਦਾ ਹੋਵੇਗਾ । 9. ਕਬੱਡੀ ਦੇ ਬੈਸਟ ਖਿਡਾਰੀ ਸੈਮੀ ਫਾਈਨਲ ਅਤੇ ਫਾਈਨਲ ਵਿੱਚੋ ਕੱਢੇ ਜਾਣਗੇ ।


ਰੱਸਾ-ਕੱਸੀ ਕਲੱਬ ਮਿਤੀ 28-6-2026 ਇਨਾਮ 20000, 15000 ਰੁਪਏ

ਲਾਈਵ ਮੇਲਾ ਮਿਤੀ 26-27-28-29 ਜੂਨ 2026 ਨੂੰ ਵਿਖਾਏ ਜਾਣਗੇ । malwatv

**ਵੱਲੋਂ : ਬਾਬਾ ਦਾਸਾ ਜੀ ਪ੍ਰਬੰਧਕ ਕਮੇਟੀ, (ਰਜਿ.) ਗ੍ਰਾਮ ਪੰਚਾਇਤ, ਐਨ. ਆਰ. ਆਈ. ਵੀਰ ਅਤੇ ਭੈਣਾ, ਸਮੂਹ ਸਾਧ ਸੰਗਤ ਸਲੇਮਪੁਰ ਮਸੰਦਾਂ (ਜਲੰਧਰ)**

**ਪਿੰਡ ਸਲੇਮਪੁਰ ਮਸੰਦਾਂ ਜੀ.ਟੀ. ਰੋਡ, ਪਰਾਗਪੁਰ ਤੋਂ ਚੜ੍ਹਦੇ ਵੱਲ 1 ਕਿ.ਮੀ. ਦੀ ਦੂਰੀ ਤੇ ਤੱਲਣ ਵੱਲ ਹੈ ।**


**ਧੰਨ ਧੰਨ ਬਾਬਾ ਦਾਸਾ ਜੀ ਦੇ 72 ਵੇ ਸਲਾਨਾ ਜੋੜ ਮੇਲੇ ਦੇ ਸਬੰਧ ਵਿਚ ਕਬੱਡੀ ਬਲਦਾ ਦੀਆ ਹਲਟ ਦੋੜਾ ਵਾਲੀਵਾਲ ਰੱਸਾਕੱਸੀ ਦਸਤਾਰ ਮੁਕਾਬਲੇ ਕੁਸ਼ਤੀਆ ਦੇ ਮੁਕਾਬਲੇ ਕਰਵਾਏ ਜਾਣਗੇ**

# ਹੈਨਰੀ ਨੋਵਾਕ ਕਤਲ ਮਾਮਲੇ ਨੂੰ ਆਧਾਰ ਬਣਾ ਕੇ ਸਿੱਖ ਕੌਮ ਨੂੰ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਚਿੰਤਾਜਨਕ: ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ



**ਅੰਮ੍ਰਿਤਸਰ, 5 ਜੂਨ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਬਰਤਾਨੀਆ ਦੇ ਨੌਜਵਾਨ ਹੈਨਰੀ ਨੋਵਾਕ ਦੇ ਕਤਲ ਮਾਮਲੇ ਸਬੰਧੀ ਜਾਰੀ ਬਿਆਨ ਵਿੱਚ ਡੂੰਘਾ ਦੁੱਖ ਪ੍ਰਗਟ ਕਰਦਿਆਂ ਪਰਿਵਾਰ ਨਾਲ ਦਿਲੀ ਹਮਦਰਦੀ ਸਾਂਝੀ ਕੀਤੀ ਹੈ। ਉਨ੍ਹਾਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।

ਜਥੇਦਾਰ ਗੜਗੱਜ ਨੇ ਕਿਹਾ ਕਿ ਇਸ ਮਾਮਲੇ ਵਿੱਚ ਦੋਸ਼ੀ ਵਿਕਰਮ ਸਿੰਘ ਦਿਗਵਾ ਨੂੰ ਯੂਕੇ ਦੀ ਅਦਾਲਤ ਵੱਲੋਂ ਦਿੱਤੀ ਗਈ 21 ਸਾਲ ਦੀ ਉਮਰ ਕੈਦ ਦੀ ਸਜ਼ਾ ਉਸ ਦੇ ਅਪਰਾਧ ਅਨੁਸਾਰ ਅਤੇ ਕਾਨੂੰਨ ਮੁਤਾਬਕ ਹੈ। ਉਨ੍ਹਾਂ ਕਿਹਾ ਕਿ ਅਪਰਾਧ ਕਰਨ ਵਾਲੇ ਨੂੰ ਕਾਨੂੰਨ ਅਨੁਸਾਰ ਸਜ਼ਾ ਮਿਲਣੀ ਲਾਜ਼ਮੀ ਹੈ, ਪਰ ਇਸ ਘਟਨਾ ਨੂੰ ਆਧਾਰ ਬਣਾ ਕੇ ਸਮੁੱਚੀ ਸਿੱਖ ਕੌਮ ਨੂੰ ਨਿਸ਼ਾਨਾ ਬਣਾਉਣਾ, ਸਿੱਖ ਕਕਾਰ ਕਿਰਪਾਨ 'ਤੇ ਪਾਬੰਦੀ ਦੀ ਮੰਗ ਕਰਨਾ ਅਤੇ ਨਫ਼ਰਤ ਜਾਂ ਨਸਲਵਾਦ ਅਧਾਰਿਤ ਸਿਆਸਤ ਕਰਨਾ ਇੱਕ ਗੰਭੀਰ ਅਤੇ ਸੋਚਣਯੋਗ ਮਾਮਲਾ ਹੈ।

ਉਨ੍ਹਾਂ ਕਿਹਾ ਕਿ ਯੂਕੇ ਦੀ ਕਾਨੂੰਨੀ ਪ੍ਰਕਿਰਿਆ ਨੇ ਬਿਨਾਂ ਕਿਸੇ ਧਾਰਮਿਕ ਵਿਸ਼ੇਸ਼ ਛੋਟ ਦੇ ਦੋਸ਼ੀ ਨੂੰ ਬਣਦੀ ਸਜ਼ਾ ਦਿੱਤੀ ਹੈ ਅਤੇ ਨਿਆਂ ਯਕੀਨੀ ਬਣਾਇਆ ਹੈ। ਸਿੱਖ ਭਾਈਚਾਰਾ ਵੀ ਇਸ ਫ਼ੈਸਲੇ ਨਾਲ ਸਹਿਮਤ ਹੈ। ਜਥੇਦਾਰ ਨੇ ਕਿਹਾ ਕਿ ਕੁਝ ਤਾਕਤਾਂ ਇਸ ਮਾਮਲੇ ਨੂੰ ਬਹਾਨਾ ਬਣਾ ਕੇ ਵਿਦੇਸ਼ਾਂ ਵਿੱਚ ਸਿੱਖਾਂ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੀਆਂ ਹਨ, ਜਿਸ ਨੂੰ ਹਰ ਸਿੱਖ ਨੂੰ ਸਮਝਣ ਦੀ ਲੋੜ ਹੈ।

ਉਨ੍ਹਾਂ ਯੂਕੇ ਦੀਆਂ ਸਮੂਹ ਸਿੱਖ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਉਹ ਹੈਨਰੀ ਨੋਵਾਕ ਦੇ ਪਰਿਵਾਰ ਨਾਲ ਖੜ੍ਹਣ ਅਤੇ ਇਸ ਔਖੇ ਸਮੇਂ ਦੌਰਾਨ ਉਨ੍ਹਾਂ ਦਾ ਸਾਥ ਦੇਣ।

ਜਥੇਦਾਰ ਗੜਗੱਜ ਨੇ ਦੱਸਿਆ ਕਿ ਯੂਕੇ ਦੇ ਪ੍ਰਮੁੱਖ ਸਿੱਖਾਂ ਰਾਹੀਂ ਪ੍ਰਾਪਤ ਜਾਣਕਾਰੀ ਅਨੁਸਾਰ ਹੈਨਰੀ ਨੋਵਾਕ ਕਤਲ ਮਾਮਲੇ ਵਿੱਚ ਦੋਸ਼ੀ ਵੱਲੋਂ ਵਰਤਿਆ ਗਿਆ ਹਥਿਆਰ ਸਿੱਖ ਕਕਾਰ ਕਿਰਪਾਨ ਨਹੀਂ ਸੀ, ਸਗੋਂ ਪੇਸ਼ ਕਬਜ਼ ਨਾਮ ਦਾ ਇੱਕ ਫ਼ਾਰਸੀ ਖੰਜਰ ਸੀ। ਉਨ੍ਹਾਂ ਕਿਹਾ ਕਿ ਸਿੱਖੀ ਸਿਧਾਂਤਾਂ ਅਨੁਸਾਰ ਕਿਰਪਾਨ ਮਜ਼ਲੂਮਾਂ ਦੀ ਰੱਖਿਆ, ਨਿਆਂ ਦੀ ਸਥਾਪਨਾ ਅਤੇ ਅਨਿਆਂ ਦੇ ਵਿਰੋਧ ਲਈ ਧਾਰਨ ਕੀਤੀ ਜਾਂਦੀ ਹੈ, ਨਾ ਕਿ ਕਿਸੇ ਉੱਤੇ ਹਮਲਾ ਕਰਨ ਜਾਂ ਅਪਰਾਧ ਕਰਨ ਲਈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੁਨੀਆ ਭਰ ਵਿੱਚ ਸ਼ਾਂਤੀਪ੍ਰਿਯ, ਇਕਜੁੱਟ ਅਤੇ ਕਾਨੂੰਨ ਦੀ ਪਾਲਣਾ ਕਰਨ ਵਾਲੀ ਕੌਮ ਵਜੋਂ ਜਾਣੀ ਜਾਂਦੀ ਹੈ। ਜਿੱਥੇ ਵੀ ਸਿੱਖ ਵੱਸਦੇ ਹਨ, ਉੱਥੇ ਦੀ ਤਰੱਕੀ, ਖੁਸ਼ਹਾਲੀ ਅਤੇ ਮਨੁੱਖਤਾ ਦੀ ਭਲਾਈ ਲਈ ਯੋਗਦਾਨ ਪਾਉਂਦੇ ਹਨ। ਸਿੱਖ ਕੌਮ ਹਰ ਰੋਜ਼ ਆਪਣੀ ਅਰਦਾਸ ਵਿੱਚ ਸਰਬੱਤ ਦੇ ਭਲੇ ਦੀ ਮੰਗ ਕਰਦੀ ਹੈ ਅਤੇ ਮਨੁੱਖਤਾ ਦੀ ਸੇਵਾ ਰਾਹੀਂ ਵਿਸ਼ਵ ਪੱਧਰ 'ਤੇ ਵਿਸ਼ੇਸ਼ ਸਨਮਾਨ ਹਾਸਲ ਕਰ ਚੁੱਕੀ ਹੈ।

ਜਥੇਦਾਰ ਗੜਗੱਜ ਨੇ ਕਿਹਾ ਕਿ ਸਿੱਖਾਂ ਅਤੇ ਬਰਤਾਨੀਆ ਦੇ ਰਿਸ਼ਤੇ ਲਗਭਗ ਦੋ ਸਦੀਆਂ ਪੁਰਾਣੇ ਹਨ। ਸਿੱਖਾਂ ਨੇ ਵਿਸ਼ਵ ਯੁੱਧਾਂ ਦੌਰਾਨ ਬਰਤਾਨੀਆ ਲਈ ਜੰਗਾਂ ਲੜੀਆਂ, ਦੇਸ਼ ਦੀ ਤਰੱਕੀ ਲਈ ਮਿਹਨਤ ਕੀਤੀ ਅਤੇ ਹਰ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਇਸ ਲਈ ਬਰਤਾਨੀਆ ਵਿੱਚ ਸਿੱਖ ਭਾਈਚਾਰੇ ਨੂੰ ਮਾਨ-ਸਨਮਾਨ ਅਤੇ ਪੂਰੀ ਪਛਾਣ ਪ੍ਰਾਪਤ ਹੈ।

ਉਨ੍ਹਾਂ ਕਿਹਾ ਕਿ ਇੱਕ ਵਿਅਕਤੀ ਦੀ ਗਲਤੀ ਨੂੰ ਪੂਰੀ ਸਿੱਖ ਕੌਮ ਦੇ ਸਿਰ ਮੜ੍ਹ ਕੇ ਕੁਝ ਲੋਕ ਸਿਆਸੀ ਲਾਭ ਲੈਣ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਯੂਕੇ ਦੇ ਭਾਈਚਾਰਿਆਂ, ਸਰਕਾਰ ਅਤੇ ਸਿੱਖਾਂ ਨੂੰ ਅਪੀਲ ਕੀਤੀ ਕਿ ਆਪਸੀ ਭਾਈਚਾਰਕ ਸਾਂਝ ਅਤੇ ਸਦਭਾਵਨਾ ਨੂੰ ਕਾਇਮ ਰੱਖਦਿਆਂ ਅਜਿਹੇ ਤੱਤਾਂ ਨੂੰ ਪਛਾਣਿਆ ਜਾਵੇ ਜੋ ਜਾਣਬੁੱਝ ਕੇ ਵੰਡ ਪੈਦਾ ਕਰਨ, ਨਫ਼ਰਤ ਫੈਲਾਉਣ ਅਤੇ ਸਮਾਜਿਕ ਸਾਂਝ ਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕਰ ਰਹੇ ਹਨ।

ਜਥੇਦਾਰ ਗੜਗੱਜ ਨੇ ਬਰਤਾਨਵੀ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਉਹ ਅਜਿਹੇ ਵਿਅਕਤੀਆਂ ਅਤੇ ਗਰੁੱਪਾਂ ਉੱਤੇ ਵਿਸ਼ੇਸ਼ ਨਿਗਰਾਨੀ ਰੱਖੇ ਜੋ ਭਾਈਚਾਰਕ ਏਕਤਾ ਅਤੇ ਸਮਾਜਿਕ ਸਦਭਾਵਨਾ ਨੂੰ ਠੇਸ ਪਹੁੰਚਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਨਾਲ ਹੀ ਉਨ੍ਹਾਂ ਮੀਡੀਆ ਅਤੇ ਸੋਸ਼ਲ ਮੀਡੀਆ ਮੰਚਾਂ ਨੂੰ ਅਪੀਲ ਕੀਤੀ ਕਿ ਇਸ ਮਾਮਲੇ ਨਾਲ ਸਬੰਧਤ ਰਿਪੋਰਟਿੰਗ ਤੱਥਾਂ ਅਤੇ ਸੱਚਾਈ ਦੇ ਆਧਾਰ 'ਤੇ ਕੀਤੀ ਜਾਵੇ, ਨਾ ਕਿ ਕਿਸੇ ਭਾਈਚਾਰੇ ਵਿਰੁੱਧ ਨਫ਼ਰਤ ਜਾਂ ਪੱਖਪਾਤ ਨੂੰ ਉਤਸ਼ਾਹਿਤ ਕਰਨ ਲਈ। ••

੧ਓ ਵਾਹਿਗੁਰੂ ਜੀ ਕੀ ਫ਼ਤਹ ॥

**ਸ੍ਰੀ ਅਕਾਲ ਤਖ਼ਤ ਸਾਹਿਬ**

**ਸ੍ਰੀ ਅੰਮ੍ਰਿਤਸਰ ਸਾਹਿਬ**

**Sri Akal Takhat Sahib, Sri Amritsar Sahib**

ਨੰਬਰ AT/26/129 — ਮਿਤੀ 05/06/2026

**Statement from Jathedar of Sri Akal Takht Sahib on Henry Nowak's case**

Express my heartfelt condolences to the family of British youth Henry Nowak and pray to the Almighty to grant eternal peace to the departed soul and give strength to the bereaved family to accept Almighty's will.

A Sikh man, Vickrum Singh Digwa, has been sentenced to 21 years life imprisonment by a United Kingdom (UK) court in connection with Nowak's murder case. It is necessary to punish offenders according to the law, however, attempts by certain forces to target the entire Sikh community over this incident, demand a ban on the Sikh article of faith, the Kirpan, and engage in politics driven by hatred or racism appear to be part of a deep-rooted conspiracy. The legal process in UK gave punishment to Digwa as it should, giving no special treatment to religious exemption, justice was delivered through rule of law and the Sikh community agrees with it.

A major conspiracy is being hatched to defame Sikhs abroad by using this case as a pretext. I urge Sikhs globally to understand such wrong efforts. All Sikh organizations in the UK should stand with Henry Nowak's family and support them during this difficult time.

According to information received through prominent Sikhs in the UK, the weapon used by the convicted individual in the Henry Nowak murder case was a Pesh Kabz, a Persian dagger and not the Sikh article of faith, the Kirpan. According to Sikh principles, Sikhs legitimately wear the Kirpan to protect the oppressed and uphold justice, not to commit wrongdoing or injustice against anyone.

The Sikhs around the world are a peaceful, united, and law-abiding community. Wherever they reside, they contribute to the progress and prosperity of those countries while working for the welfare of humanity.

The Sikh community prays daily for the welfare of all humanity and has earned global respect through its service to mankind.

The relationship between Sikhs and Britain is not new but dates back nearly 200 years. Sikhs fought alongside Britain during the World Wars and contributed significantly to the country's development through their hard work and dedication. For this, Sikhs are accorded due respect and recognition by the British government.

Certain elements are attempting to exploit the Henry Nowak case for political gain by attributing the actions of one individual to the entire Sikh community. I appeal to communities in the UK, the government there, and Sikhs to continue living together in harmony and to identify those who are deliberately trying to create divisions, damage communal relations, and spread hatred or racism.


The British government should keep a close watch on individuals and groups attempting to undermine social cohesion and communal harmony. I also appeal to media organizations and social media platforms to report on the matter based on facts and truth, rather than promoting hatred or prejudice against any community.

ਕੁਲਦੀਪ ਸਿੰਘ

Kuldip Singh
Jathedar, Sri Akal Takht Sahib,
Sri Amritsar.

Phone/Fax : 0183-2540820 | E-Mail : akaltakhatsahib84@gmail.com

ਆਵਾਜ਼ਿ ਕੌਮ AWAZE QAUM International Newspaper & WEB TV




| | |
|---|---|
| Akhand Path Sahib Arambh | 05 June 2026 Friday<br>10:00 AM |
| Akhand Path Sahib Bhog | 07 June 2026 Sunday<br>11:00 AM |
| Avtaar Singh Bassi<br>Dhadhi Jatha | 11:30 AM - 12:30 |

ਆਵਾਜ਼ ਕੌਮ
AWAZE QAUM
International Newspaper & WEB TV





**Location:**
96 Well Ln, Wolverhampton WV11 1XT

**Contact us:**
07403256083